SWITCH INSURANCE
AUTO, HOME & COMMERCIAL
- Commercial Vehicle Insurance
- Commercial Property Insurance
- Commercial General Liability (CGL)
- Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
- Immigration
- Real Estate
- Commercial Law
- Affidavit
- Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 22* Issue 218 | Thursday, November 30, 2023 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' Onlineਰੋਜ਼ਾਨਾ ਪੜ੍ਹ ਸਕਦੇ ਹੋ

## ਪੁਲਿਸ ਨੇ ਕੀਤਾ ਗੱਡੀਆਂ ਚੋਰੀ ਕਰਨ ਵਾਲੇ ਗਿਰੋਹ ਦਾ ਪਰਦਾਫਾਸ਼, 12 ਨੂੰ ਕੀਤਾ ਗਿਆ ਚਾਰਜ




ਓਨਟਾਰੀਓ, 29 ਨਵੰਬਰ ( ਪੋਸਟ ਬਿਊਰੋ) : ਪੀਲ ਰੀਜਨਲ ਪੁਲਿਸ ਦੇ ਜਾਂਚਕਾਰਾਂ ਦਾ ਕਹਿਣਾ ਹੈ ਕਿ ਉਨ੍ਹਾਂ ਵੱਲੋਂ ਗੱਡੀਆਂ ਚੋਰੀ ਕਰਨ ਵਾਲੇ ਇੱਕ ਗਿਰੋਹ ਦਾ ਪਰਦਾਫਾਸ਼ ਕੀਤਾ ਗਿਆ ਹੈ ਤੇ ਇਸ ਦੌਰਾਨ ਉਨ੍ਹਾਂ ਨੂੰ ਨੌਂ ਗੱਡੀਆਂ ਬਰਾਮਦ ਹੋਈਆਂ ਤੇ ਉਨ੍ਹਾਂ ਵੱਲੋਂ 81 ਚਾਰਜਿਜ਼ ਲਾਏ ਗਏ।ਮਹੀਨਾ ਭਰ ਚੱਲੀ ਇਸ ਜਾਂਚ ਨੂੰ ਪ੍ਰੋਜੈਕਟ ਮੈਮਫਿਸ ਦਾ ਨਾਂ ਦਿੱਤਾ ਗਿਆ।

ਇਹ ਪ੍ਰੋਜੈਕਟ ਮਾਰਚ 2023 ਵਿੱਚ ਉਦੋਂ ਸ਼ੁਰੂ ਹੋਇਆ ਜਦੋਂ ਪੁਲਿਸ ਨੂੰ ਅਜਿਹੀ ਗੱਡੀ ਬਾਰੇ ਸੂਹ ਮਿਲੀ ਜਿਸ ਦਾ ਪਛਾਣ ਨੰਬਰ (ਵ੍ਹੀਕਲ ਆਈਡੈਂਟੀਫਿਕੇਸ਼ਨ ਨੰਬਰ-(ਵਿੰਨ) ਹੀ ਬਦਲ ਦਿੱਤਾ ਗਿਆ ਸੀ।ਇਹ ਵਿੰਨ ਉਸ ਸਮੇਂ ਬਦਲਿਆਂ ਜਾਂਦਾ ਹੈ ਜਦੋਂ ਇਹ ਲੁਕਾਉਣਾ ਹੋਵੇ ਕਿ ਗੱਡੀ ਚੋਰੀ ਦੀ ਹੈ। ਪੁਲਿਸ ਰਲੀਜ਼ ਵਿੱਚ ਆਖਿਆ ਗਿਆ ਕਿ ਅਧਿਕਾਰੀਆਂ ਨੂੰ ਪਤਾ ਲੱਗਿਆ ਕਿ ਕਈ ਚੋਰੀ ਦੀਆਂ ਗੱਡੀਆਂ ਦੇ ਵਿੰਨ ਬਦਲ ਦਿੱਤੇ ਗਏ ਹਨ, ਉਨ੍ਹਾਂ ਨੂੰ ਮੁੜ ਰਜਿਸਟਰ ਕਰਵਾਇਆ ਗਿਆ ਹੈ ਤੇ ਮਿਸੀਸਾਗਾ ਵਿੱਚ ਵੇਚਿਆ ਗਿਆ ਹੈ।

ਕੁੱਝ ਮਾਮਲਿਆਂ ਵਿੱਚ ਤਾਂ ਮਸ਼ਕੂਕਾਂ ਨੇ ਕਈ ਵਿੱਤੀ ਅਦਾਰਿਆਂ ਤੇ ਇੰਸ਼ੋਰੈਂਸ ਕੰਪਨੀਆਂ ਨਾਲ ਵੀ ਧੋਖਾਧੜੀ ਕਰਨ ਦੀ ਕੋਸ਼ਿਸ਼ ਕੀਤੀ।ਮਸ਼ਕੂਕਾਂ ਦੀ ਪਛਾਣ ਕਰਨ ਲਈ ਕਈ ਢੰਗ ਤਰੀਕੇ ਵਰਤੇ ਗਏ ਤੇ ਚੋਰੀ ਦੀਆਂ ਗੱਡੀਆਂ ਬਰਾਮਦ ਕਰਨ ਦੇ ਨਾਲ ਨਾਲ ਇੰਸ਼ੋਰੈਂਸ ਫਰਾਡ ਨੂੰ ਵੀ ਰੋਕਿਆ ਗਿਆ। ਜਾਂਚ ਤੋਂ ਬਾਅਦ 12 ਵਿਅਕਤੀਆਂ ਨੂੰ ਚਾਰਜ ਕੀਤਾ ਗਿਆ ਤੇ ਜਾਂਚਕਾਰਾਂ ਨੇ ਦੱਸਿਆ ਕਿ 350,000 ਦਾ ਇੰਸ਼ੋਰੈਂਸ ਦਾ ਫਰਾਡ ਹੋਣ ਤੋਂ ਰੋਕਿਆ ਗਿਆ।ਪੁਲਿਸ ਨੇ ਦੱਸਿਆ ਕਿ ਇਸ ਦੌਰਾਨ ਹੇਠ ਲਿਖੀਆਂ ਗੱਡੀਆਂ ਬਰਾਮਦ ਕੀਤੀਆਂ ਗਈਆਂ::

- 2 Range Rover Sports
- 2 Ram 1500s
- 1 Bentley Bentayga
- 1 BMW M5
- 1 BMW X5
- 1 Porsche Panamera
- 1 Jeep Wrangler

## ਪੈਟ੍ਰਿਕ ਬ੍ਰਾਊਨ ਨੇ 2024 ਲਈ ਪੇਸ਼ ਕੀਤਾ ਪ੍ਰਸਤਾਵਿਤ ਬਜਟ

ਬਰੈਂਪਟਨ, 29 ਨਵੰਬਰ (ਪੋਸਟ ਬਿਊਰੋ) : ਅੱਜ ਸਿਟੀ ਆਫ ਬਰੈਂਪਟਨ ਦੇ ਮੇਅਰ ਪੈਟ੍ਰਿਕ ਬ੍ਰਾਊਨ ਵੱਲੋਂ ਸਟਰਾਂਗ ਮੇਅਰਜ਼, ਬਿਲਡਿੰਗ ਹੋਮਜ਼ ਐਕਟ, 2022 ਤਹਿਤ ਆਪਣਾ ਪਹਿਲਾ ਬਜਟ ਪੇਸ਼ ਕੀਤਾ ਗਿਆ।

ਬਿਲਡਿੰਗ ਦ ਬਰੈਂਪਟਨ ਐਡਵਾਂਟੇਜ ਸਿਰਲੇਖ ਹੇਠ ਪੇਸ਼ ਕੀਤੇ ਗਏ ਇਸ ਬਜਟ ਵਿੱਚ ਪਬਲਿਕ ਟਰਾਂਜ਼ਿਟ, ਹੈਲਥ ਕੇਅਰ, ਮਨੋਰੰਜਨ, ਐਨਵਾਇਰਮੈਂਟ, ਸੜਕਾਂ ਤੇ ਇਨਫਰਾਸਟ੍ਰਕਚਰ ਦੇ ਨਾਲ ਨਾਲ ਕਮਿਊਨਿਟੀ ਸੇਫਟੀ ਵਿੱਚ ਨਿਵੇਸ਼ ਉੱਤੇ ਬਹੁਤਾ ਧਿਆਨ ਕੇਂਦਰਿਤ ਕੀਤਾ ਗਿਆ ਹੈ।ਹਰ ਸਾਲ ਸਾਲਾਨਾ ਬਜਟ ਵਿੱਚ ਉਨ੍ਹਾਂ ਤਰਜੀਹਾਂ, ਟੀਚਿਆਂ ਤੇ ਪਹਿਲਕਦਮੀਆਂ ਦੀ ਗੱਲ ਕੀਤੀ ਜਾਂਦੀ ਹੈ ਜਿਨ੍ਹਾਂ ਵਿੱਚ ਸਿਟੀ ਨਿਵੇਸ਼ ਕਰਨਾ ਚਾਹੁੰਦੀ ਹੈ। ਇਸ ਬਜਟ ਉੱਤੇ ਪਬਲਿਕ ਡੈਲੀਗੇਸ਼ਨ ਤੇ ਕਾਊਂਸਲ ਦਰਮਿਆਨ ਵਿਚਾਰ ਵਟਾਂਦਰਾ 5 ਦਸੰਬਰ ਤੋਂ ਸ਼ੁਰੂ ਹੋਵੇਗਾ।

ਸਿਟੀ ਵੱਲੋਂ 1.9 ਫੀ ਸਦੀ ਦੇ ਹਿਸਾਬ ਨਾਲ ਪ੍ਰਸਤਾਵਿਤ ਟੈਕਸ ਵਾਧਾ ਟੈਕਸ ਬਿੱਲ ਦੇ ਸਿਟੀ ਵਾਲੇ ਹਿੱਸੇ ਲਈ ਰੱਖਿਆ ਗਿਆ ਹੈ, ਜਿਹੜਾ ਸਤੰਬਰ 2023 ਦੀ ਮਹਿੰਗਾਈ ਦਰ (3.8 ਫੀ ਸਦੀ) ਤੋਂ ਹੇਠਾਂ ਹੈ। ਸਿਟੀ ਦੀਆਂ ਬੱਸਾਂ, ਸੜਕਾਂ, ਮਨੋਰੰਜਨ ਵਾਲੇ




ਸੈਂਟਰਜ਼, ਪਬਲਿਕ ਸਪੇਸਿਜ਼ ਤੇ ਹੋਰ ਇਨਫਰਾਸਟ੍ਰਕਚਰ ਨੂੰ ਮੇਨਟੇਨ ਕਰਨ ਲਈ 139 ਮਿਲੀਅਨ ਡਾਲਰ ਰੱਖੇ ਗਏ ਹਨ। 913 ਮਿਲੀਅਨ ਡਾਲਰ ਦਾ ਆਪਰੇਟਿੰਗ ਬਜਟ ਤੇ 544 ਮਿਲੀਅਨ ਡਾਲਰ ਦਾ ਕੈਪੀਟਲ ਬਜਟ ਰੱਖਿਆ ਗਿਆ ਹੈ ਜੋ ਕੁੱਲ ਮਿਲਾ ਕੇ 1.5 ਬਿਲੀਅਨ ਡਾਲਰ ਬਣਦਾ ਹੈ।

ਹੈਲਥ ਕੇਅਰ ਲਈ ਸਿਟੀ ਨੇ ਪਹਿਲਾਂ ਹੀ 74 ਮਿਲੀਅਨ ਡਾਲਰ ਤੋਂ ਵੱਧ ਫੰਡ ਰਾਖਵੇਂ ਰੱਖੇ ਹੋਏ ਹਨ ਤੇ ਸਿਟੀ ਦਾ ਲੋਕਲ ਸ਼ੇਅਰ 125 ਮਿਲੀਅਨ ਡਾਲਰ ਬਣਦਾ ਹੈ। ਬਰੈਂਪਟਨ ਵਿੱਚ ਦੂਜਾ ਹਸਪਤਾਲ ਬਣਾਉਣ ਤੇ ਨਵਾਂ ਕੈਂਸਰ ਕੇਅਰ ਸੈਂਟਰ ਕਾਇਮ ਕਰਨ ਲਈ ਇੱਕ ਫੀ ਸਦੀ ਹਾਸਪਿਟਲ ਲੇਵੀ ਜਾਰੀ ਰੱਖੀ ਜਾਵੇਗੀ। ਇਸ ਦੇ ਨਾਲ ਹੀ ਨਵੇਂ ਮੈਡੀਕਲ ਸਕੂਲ ਦਾ ਸਮਰਥਨ ਵੀ ਕੀਤਾ ਜਾ ਰਿਹਾ ਹੈ।

ਬੱਸਾਂ ਦੀ ਖਰੀਦ ਤੇ ਬੱਸਾਂ ਨੂੰ ਰੀਫਰਬਿਸ਼ ਕਰਨ ਉੱਤੇ 78.4 ਮਿਲੀਅਨ ਡਾਲਰ ਖਰਚੇ ਜਾਣਗੇ। ਬ੍ਰੈਮਲੀ ਰੋਡ ਕੌਰੀਡਰ ਉੱਤੇ ਬਰੈਂਪਟਨ ਟਰਾਂਜ਼ਿਟ ਜ਼ੂਮ ਸਰਵਿਸ ਦੇ ਪਸਾਰ ਲਈ 3.8 ਮਿਲੀਅਨ ਡਾਲਰ ਖਰਚੇ ਜਾਣਗੇ।ਇਸ ਦੇ ਨਾਲ ਹੀ ਮਨੋਰੰਜਨ ਸਬੰਧੀ ਸੈਂਟਰਾਂ ਉੱਤੇ ਹੇਠ ਲਿਖੇ ਮੁਤਾਬਕ ਰਕਮ ਖਰਚੀ ਜਾਵੇਗੀ :

- Embleton Community Centre construction: $79.8M
- Howden Recreation Centre construction: $24.2M
- Cricket infrastructure and programming: $6M
- Century Gardens Youth Hub construction: $5.5M
- Tennis, kabaddi, pickleball, basketball, dog park and playground enhancements: $6.1M
- Memorial Arena Expansion (construction): $2.5M
- Lawn Bowling at FCCC: $900,000
- Basketball court and enhancements at CAA Centre: $375,000
- Artificial Turf Field at Central Peel: $200,000
- New, inclusive multi-sensory room at Loafer's Lake Recreation Centre: $100,000

ਇਸ ਦੇ ਨਾਲ ਹੀ ਰਿਵਰਵਾਕ ਫੇਜ਼ ਵੰਨ ਉੱਤੇ 87.3 ਮਿਲੀਅਨ ਡਾਲਰ, ਡਰੇਨੇਜ ਚੈਨਲ ਦੀ ਜਾਂਚ ਤੇ ਮੇਨਟੇਨੈਂਸ ਪ੍ਰੋਗਰਾਮ ਉੱਤੇ ਇੱਕ ਮਿਲੀਅਨ ਡਾਲਰ, ਇਰੋਜ਼ਨ ਕੰਟਰੋਲ ਤੇ ਸਟਰੀਮਬੈਂਕ ਸਟੇਬਲਾਈਜੇਸ਼ਨ ਉੱਤੇ 1 ਮਿਲੀਅਨ ਡਾਲਰ, ਐਨਰਜੀ ਐਫੀਸ਼ਿਐਂਸੀ ਪ੍ਰੋਗਰਾਮ ਉੱਤੇ 215,000 ਡਾਲਰ, ਕਮਿਊਨਿਟੀ ਗਾਰਡਨਜ਼ ਉੱਤੇ 100,000ਡਾਲਰ, ਚਿੰਗੁਆਕਸੀ ਪਾਰਕ ਨੂੰ ਅਪਗ੍ਰੇਡ ਕਰਨ ਉੱਤੇ 25000 ਡਾਲਰ ਤੇ ਸਟਰੌਮਵਾਟਰ ਕੈਪੀਟਲ ਮੂਵਮੈਂਟ ਉੱਤੇ 7.9 ਮਿਲੀਅਨ ਡਾਲਰ ਖਰਚੇ ਜਾਣਗੇ।

## ਅਪਾਰਟਮੈਂਟ ਵਿੱਚ ਲੱਗੀ ਅੱਗ ਤੋਂ ਬਾਅਦ ਖਾਲੀ ਕਰਵਾਈ ਗਈ ਬਿਲਡਿੰਗ



ਸਕਾਰਬਰੋ, 29 ਨਵੰਬਰ (ਪੋਸਟ ਬਿਊਰੋ) : ਦੋ ਅਲਾਰਮ ਵਾਲੀ ਫਾਇਰ ਤੋਂ ਬਾਅਦ ਸਕਾਰਬਰੋ ਵਿੱਚ ਇੱਕ ਬਹੁ ਮੰਜ਼ਿਲਾ ਰਿਹਾਇਸ਼ੀ ਇਮਾਰਤ ਨੂੰ ਖਾਲੀ ਕਰਵਾ ਲਿਆ ਗਿਆ।

ਮੰਗਲਵਾਰ ਰਾਤ ਨੂੰ 11:30 ਵਜੇ ਤੋਂ ਪਹਿਲਾਂ ਵਾਰਡਨ ਐਵਨਿਊ ਤੇ ਬ੍ਰਾਈਡਲਟਾਊਨ ਸਰਕਲ ਵਿੱਚ ਈਕੋਪੁਆਇੰਟ ਉੱਤੇ ਸਥਿਤ ਰਿਹਾਇਸ਼ੀ ਬਿਲਡਿੰਗ ਵਿੱਚ ਟੋਰਾਂਟੋ ਫਾਇਰ ਅਮਲੇ ਨੂੰ ਭੇਜਿਆ ਗਿਆ। ਫਾਇਰ ਅਧਿਕਾਰੀਆਂ ਨੇ ਦੱਸਿਆ ਕਿ ਅੱਗ 23ਵੀਂ ਮੰਜ਼ਿਲ ਦੇ ਇੱਕ ਅਪਾਰਟਮੈਂਟ ਵਿੱਚ ਲੱਗੀ। ਮਾਮੂਲੀ ਸੱਟਾਂ ਨਾਲ ਇੱਕ ਵਿਅਕਤੀ ਨੂੰ ਹਸਪਤਾਲ ਭੇਜਿਆ ਗਿਆ। ਪੁਲਿਸ ਨੇ ਦੱਸਿਆ ਕਿ ਮਲਬਾ ਡਿੱਗਣ ਦੀਆਂ ਰਿਪੋਰਟਾਂ ਵੀ ਸਨ। ਅੱਗ ਉੱਤੇ ਕਾਬੂ ਪਾ ਲਿਆ ਗਿਆ। ਟੋਰਾਂਟੋ ਪੁਲਿਸ ਤੇ ਫਾਇਰ ਅਧਿਕਾਰੀਆਂ ਨੇ ਬਿਲਡਿੰਗ ਨੂੰ ਖਾਲੀ ਕਰਵਾਇਆ। ਬੇਘਰ ਹੋਏ ਰੈਜ਼ੀਡੈਂਟਸ ਲਈ ਸ਼ੈਲਟਰ ਬੱਸਾ ਉਪਲਬਧ ਕਰਵਾਈਆਂ ਗਈਆਂ।

## ਸਾਇੰਸ ਸੈਂਟਰ ਨੂੰ ਓਨਟਾਰੀਓ ਪਲੇਸ ਤਬਦੀਲ ਕਰਨ ਬਾਰੇ ਬਿਜ਼ਨਸ ਕੇਸ ਜਾਰੀ ਕਰੇਗੀ ਫੋਰਡ ਸਰਕਾਰ

ਓਨਟਾਰੀਓ, 29 ਨਵੰਬਰ (ਪੋਸਟ ਬਿਊਰੋ) : ਓਨਟਾਰੀਓ ਸਾਇੰਸ ਸੈਂਟਰ ਨੂੰ ਇਸ ਦੀ ਮੌਜੂਦਾ ਥਾਂ ਤੋਂ ਸਿਟੀ ਵਾਟਰਫਰੰਟ ਓਨਟਾਰੀਓ ਪਲੇਸ ਵਿਖੇ ਤਬਦੀਲ ਕਰਨ ਦਾ ਕਾਰਨ ਅੱਜ ਓਨਟਾਰੀਓ ਸਰਕਾਰ ਦੱਸੇਗੀ। ਇਸ ਸਮੇਂ ਇਹ ਓਨਟਾਰੀਓ ਸਾਇੰਸ ਸੈਂਟਰ ਈਸਟ ਟੋਰਾਂਟੋ ਵਿੱਚ ਸਥਿਤ ਹੈ।

ਜਦੋਂ ਪ੍ਰੀਮੀਅਰ ਡੱਗ ਫੋਰਡ ਨੇ ਅਪਰੈਲ ਵਿੱਚ ਆਪਣੀ ਸਰਕਾਰ ਦੇ ਓਨਟਾਰੀਓ ਪਲੇਸ ਨੂੰ ਮੁੜ ਡਿਵੈਲਪ ਕਰਨ ਦਾ ਐਲਾਨ ਕੀਤਾ ਸੀ ਤਾਂ ਉਨਾਂ ਸਾਇੰਸ ਸੈਂਟਰ ਨੂੰ ਵੀ ਨਾਲ ਹੀ ਉੱਥੇ ਮੁੜ ਕਾਇਮ ਕਰਨ ਦਾ ਫੈਸਲਾ ਸੁਣਾਇਆ ਸੀ। ਉਸ ਸਮੇਂ ਇਨਫਰਾਸਟ੍ਰਕਚਰ ਮੰਤਰੀ ਕਿੰਗਾ ਸੁਰਮਾ ਨੇ ਇਹ ਆਖਦਿਆਂ ਹੋਇਆਂ ਇਸ ਫੈਸਲੇ ਨੂੰ ਜਾਇਜ਼ ਠਹਿਰਾਇਆ ਸੀ ਕਿ ਇਹ ਬਿਜ਼ਨਸ ਕੇਸ ਵਿਸ਼ਲੇਸ਼ਣ ਹੈ। ਉਨ੍ਹਾਂ ਆਖਿਆ ਸੀ ਕਿ ਸਾਇੰਸ ਸੈਂਟਰ ਦੀ ਮੌਜੂਦਾ ਬਿਲਡਿੰਗ ਦੀ ਮੁਰੰਮਤ ਨਹੀਂ ਹੋ ਸਕਦੀ। ਉਨ੍ਹਾਂ ਇਹ ਵੀ ਆਖਿਆ ਸੀ ਕਿ ਵਿਸ਼ਲੇਸ਼ਣ ਤੋਂ ਸਾਹਮਣੇ ਆਇਆ ਹੈ ਕਿ ਸਾਇੰਸ ਸੈਂਟਰ ਦੇ ਮੌਜੂਦਾ ਲੋਕੇਸ਼ਨ ਉੱਤੇ ਪੁਨਰਨਿਰਮਾਣ ਦੀ ਥਾਂ ਇਸ ਨੂੰ ਡਾਊਨਟਾਊਨ ਮੂਵ ਕਰਨ ਉੱਤੇ ਘੱਟ ਖਰਚ ਆਵੇਗਾ।



ਇੱਥੇ ਦੱਸਣਾ ਬਣਦਾ ਹੈ ਕਿ ਓਨਟਾਰੀਓ ਪਲੇਸ ਉੱਤੇ ਨਵਾਂ ਸਾਇੰਸ ਸੈਂਟਰ, ਜਿਸ ਦੇ 2028 ਵਿੱਚ ਖੁੱਲ੍ਹਣ ਦੀ ਸੰਭਾਵਨਾ ਹੈ, ਮੌਜੂਦਾ ਸੈਂਟਰ ਨਾਲੋਂ ਅੱਧੀ ਥਾਂ ਉੱਤੇ ਬਣੇਗਾ। ਪਰ ਸਰਕਾਰ ਦਾ ਕਹਿਣਾਂ ਹੈ ਕਿ ਐਗਜ਼ੀਬਿਸ਼ਨ ਲਈ ਵਧੇਰੇ ਥਾਂ ਰਹੇਗੀ। ਬਿਜ਼ਨਸ ਕੇਸ ਬਾਰੇ ਜਾਣਕਾਰੀ ਦੇਣ ਤੋਂ ਪਹਿਲਾਂ ਸਰਕਾਰ ਟਾਲੇ ਲਾਉਂਦੀ ਰਹੀ ਪਰ ਹੁਣ ਮੰਗਲਵਾਰ ਨੂੰ ਸੁਰਮਾ ਨੇ ਆਖਿਆ ਕਿ ਇਨਫਰਾਸਟ੍ਰਕਚਰ ਓਨਟਾਰੀਓ ਦੇ ਹੈੱਡ ਵੱਲੋਂ ਬਿਜ਼ਨਸ ਕੇਸ ਨੂੰ ਰਲੀਜ਼ ਕੀਤਾ ਜਾਵੇਗਾ ਤੇ ਪੱਤਰਕਾਰਾਂ ਦੇ ਸਵਾਲਾਂ ਦੇ ਜਵਾਬ ਵੀ ਦਿੱਤੇ ਜਾਣਗੇ।

Allstate. You're in good hands.
Insurance
Shawn Budwal
Allstate Sales Agent
Waterdown Agency
94 Dundas Street East, Unit 3
289-678-4024
sbudwal@allstate.ca
Trademark used under licence by Allstate Insurance Company. 232374 | 6-23

NOW HIRING !!!
ALLKIND INSURANCE
- Life Insurance
- Critical illness Ins
- Travel & Visitor Ins
- RESP & TFSA & RRSP
- Super Visa Insurance
- Mortgage Insurance
- Disability Insurance
- Funeral Insurance
SIMRAN SAINI
416.994.7272
www.allkindinsurance.com

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

MagGas Medical Brampton
MGM MAGGAS MEDICAL INC.
Helping you breathe deep and rest easy.
- CPAP machines, masks and supplies
- Free consultations
- 30 day mask exchange
- Free deliveries
(647) 954-9885
20 Maritime Ont Blvd Unit 15
Brampton, ON L6S 0C2

SUPER VISA INSURANCE EXPERTS
Punjab Insurance Inc
RANJIT GILL
Insurance Advisor
Ph: 416.724.5000
- Disability Insurance
- Mortgage Insurance
- Life Insurance
- Visitor & Travel Insurance
- RESP(Education Plan)
- Critical Illness Insurance
7003 Steeles Ave. W, Unit 10, Etobicoke, ON, M9W 0A2
gill@punjabinsurance.ca
topinsuranceservices.ca

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
Residential, Commercial
www.ksgpestcontrol.ca
ksgpestcontrol@gmail.com
Amarjeet Singh Gill

Royal Pest Control
Residential Commercial Industrial
Specialist in Bedbugs Service
All Pest Control :
Mouse & Rats, Spiders & Fleas, Bedbugs, Wasps, Cockroaches, Carpenter Ants, Silver Fish, Racoons
Call : PARESH PATEL
416 938 4598

INSURANCE
- Home
- Auto
- Business
- Trucking
- Life Insurance
- Commercial
647-206-2452
Sukhwinder K Singh
CONEX 7050A Bramalea Rd, Unit # 13, Mississauga, ON L5S 1T1

AUTO & HOME INSURANCE
- Super visa Insurance
- Life & Disability
- Critical illness
- RESP
- Visitor & Travel insurance
(416-845-1352)
Manwinder Mangat
Aaxel InsuranceBrokers Ltd.
1332 Khalsa Dr, Unit # 11,

HELPING YOU PLAN TODAY...FOR TOMORROW
- Supervisa / Visitor Insurance
- Life /Mortgage/Funeral Insurance
- Disability Insurance
- Critical Illness Insurance
- RESP /RRSP
www.ufsinsurance.com
JATINDERBIR S BAJWA
Insurance Broker
Dir:647-928-4990
# 25-831 Bovaird Dr. W. Brampton, ON L6X0T9 | www.ufsinsurance.com

Canada Consumer Credit Assistance
ਕਰਜ਼ਾ ਰਹਿਤ ਜ਼ਿੰਦਗੀ ਜੀਓ
- ਪਾਵਰ ਆਫ ਸੇਲ ਨੋਟਿਸ ?
- ਗਾਰਨਿਸ਼ਮੈਂਟ?
- ਬੈਂਕ ਵਲੋਂ ਪੈਸੇ ਦੀ ਮੰਗ ?
- ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ
ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ,
ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
ਕਰਜ਼ੇ ਦੀ ਸਿਰਦਰਦੀ ?
Late Evening and Weekends Appointments Available
1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

KELLEY LAW OFFICE
- Immigration
- Family Law
- Corporate
- Power of Attorney/Affidavit /Attestations
- Real Estate
- Business Closing
- Wills & Estate
www.kelleylawoffice.ca | info@kelleylawoffice.ca
1200 Derry Road E, #15, Mississauga, ON L5T 0B3
Shinder Kelley
905-362-0755

CN Forklift Training Center
Counterbalance All Types | Walkie pallet Low Lift | Electric Motor Narrow Aisle Reach | Cherry Order Picker
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan Certified Instructor

PROTECT YOUR HOME FROM PESTS
Pest Control
Low Rates/Excellent Pest Control Services
100% Success rate for bed bug Treatment
Free Home Inspection Call Today
Ranjit Sidhu
Certified & Licenced Exterminator
BED BUG MATTRESS COVER ALSO AVAILABLE
A-Z Pest Control Inc.
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Mortgage! We Will Beat Any Rate !!!
Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
AvonFinancial Inc.
Brokerage Lic. 12538
Harpreet Singh Goraya
Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
- Real Estate Law
- Business Law
- Wills & Estates
- Family Law
- Power of Attorney
- Civil Litigation
- Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

# ਫੈਡਰਲ ਸਰਕਾਰ ਨੇ ਆਨਲਾਈਨ ਨਿਊਜ਼ ਐਕਟ ਤਹਿਤ ਗੂਗਲ ਨਾਲ ਡੀਲ ਸਿਰੇ ਚੜ੍ਹਾਈ

ਓਟਵਾ, 29 ਨਵੰਬਰ (ਪੋਸਟ ਬਿਊਰੋ) : ਆਨਲਾਈਨ ਨਿਊਜ਼ ਐਕਟ ਦੇ ਮਾਮਲੇ ਵਿੱਚ ਫੈਡਰਲ ਸਰਕਾਰ ਦੀ ਗੂਗਲ ਨਾਲ ਡੀਲ ਸਿਰੇ ਚੜ੍ਹ ਗਈ ਹੈ। ਇਸ ਡੀਲ ਤਹਿਤ ਗੂਗਲ ਪਬਲਿਸ਼ਰਜ਼ ਨੂੰ ਸਾਲਾਨਾ 100 ਮਿਲੀਅਨ ਡਾਲਰ ਅਦਾ ਕਰੇਗਾ ਤੇ ਬਦਲੇ ਵਿੱਚ ਆਪਣੇ ਪਲੇਟਫਾਰਮ ਉੱਤੇ ਕੈਨੇਡੀਅਨ ਨਿਊਜ਼ ਲਾਵੇਗਾ।

ਕੈਨੇਡੀਅਨ ਹੈਰੀਟੇਜ ਮੰਤਰੀ ਪਾਸਕਲ ਸੇਂਟ ਓਂਜ ਨੇ ਐਲਾਨ ਕੀਤਾ ਕਿ ਬਿੱਲ ਸੀ-18 ਨੂੰ ਲਾਗੂ ਕਰਨ ਦਾ ਇਹ ਇਤਿਹਾਸਕ ਫੈਸਲਾ ਹੈ। ਇਸ ਤੋਂ ਪਹਿਲਾਂ ਗੂਗਲ ਨੇ ਉਸ ਸਮੇਂ ਆਪਣੇ ਪਲੇਟਫਾਰਮ ਉੱਤੇ ਕੈਨੇਡੀਅਨ ਨਿਊਜ਼ ਬਲਾਕ ਕਰਨ ਦੀ ਧਮਕੀ ਦਿੱਤੀ ਸੀ ਜਦੋਂ ਨਵੇਂ ਨਿਯਮ ਲਾਗੂ ਕਰਨ ਦਾ ਫੈਸਲਾ ਕੀਤਾ ਗਿਆ ਸੀ। ਇਹ ਨਵੇਂ ਨਿਯਮ ਅਗਲੇ ਮਹੀਨੇ ਤੋਂ ਲਾਗੂ ਹੋ ਜਾਣਗੇ।ਸੇਂਟ ਓਂਜ ਨੇ ਇਹ ਵੀ ਆਖਿਆ ਕਿ ਇਸ ਪੂਰੀ ਪ੍ਰਕਿਰਿਆ ਦੌਰਾਨ ਗੂਗਲ ਨੂੰ ਕੋਈ ਵੀ ਛੋਟ ਨਹੀਂ ਦਿੱਤੀ ਗਈ।



ਬਿੱਲ ਸੀ-18 ਜਾਂ ਆਨਲਾਈਨ ਨਿਊਜ਼ ਐਕਟ ਤਹਿਤ ਅਜਿਹਾ ਫਰੇਮਵਰਕ ਲਿਆਂਦਾ ਗਿਆ ਜਿਸ ਤਹਿਤ ਗੂਗਲ ਤੇ ਮੈਟਾ ਵਰਗੀਆਂ ਡਿਜੀਟਲ ਕੰਪਨੀਆਂ ਨੂੰ ਕੈਨੇਡੀਅਨ ਨਿਊਜ਼ ਸਾਈਟਸ ਦੀਆਂ ਖਬਰਾਂ ਆਪਣੇ ਪਲੇਟਫਾਰਮ ਉੱਤੇ ਵਰਤਣ ਬਦਲੇ ਉਨ੍ਹਾਂ ਨੂੰ ਮੁਆਵਜ਼ਾ ਦੇਣ ਦੀ ਗੱਲ ਕੀਤੀ ਗਈ। ਪਰ ਜਦੋਂ ਜੂਨ ਵਿੱਚ ਇਹ ਬਿੱਲ ਪਾਸ ਹੋਇਆ ਤਾਂ ਗੂਗਲ ਤੇ ਮੈਟਾ ਨੇ ਇਹ ਆਖਿਆ ਕਿ ਮੀਡੀਆ ਆਰਗੇਨਾਈਜ਼ੇਸ਼ਨਜ਼ ਨੂੰ ਮੁਆਵਜ਼ਾ ਦੇਣ ਦੀ ਥਾਂ ਉਹ ਆਪਣੇ ਪਲੇਟਫਾਰਮਜ਼ ਤੋਂ ਕੈਨੇਡੀਅਨ ਨਿਊਜ਼ ਹੀ ਬਲਾਕ ਕਰ ਦੇਣਗੇ।

ਇਸ ਦੌਰਾਨ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਵੱਲੋਂ ਮੈਟਾ ਨੂੰ ਵੀ ਅਜਿਹੀ ਡੀਲ ਕਰਨ ਦੀ ਅਪੀਲ ਕੀਤੀ। ਪਰ ਇੱਥੇ ਦੱਸਣਾ ਬਣਦਾ ਹੈ ਕਿ ਮੈਟਾ ਆਪਣੇ ਪਹਿਲਾਂ ਵਾਲੇ ਸਟੈਂਡ ਉੱਤੇ ਹੀ ਕਾਇਮ ਹੈ।

## ਅੱਜ ਨਾਮਾ

ਲੱਗ ਪਈ ਹੋਣ ਪਹਾੜਾਂ ਵੱਲ ਬਰਫਬਾਰੀ,
ਲੱਗ ਪਏ ਓਧਰ ਸੈਲਾਨੀ ਵੀ ਜਾਣ ਬੇਲੀ।
ਡਿੱਗਦੀ ਕਦੀ ਨਾ ਜਿਨ੍ਹਾਂ ਸੀ ਬਰਫ ਡਿੱਠੀ,
ਪਹਾੜੀਂ ਗਏ ਕਈ ਫੋਟੋ ਖਿਚਵਾਣ ਬੇਲੀ।
ਜਿਹੜੇ ਪੱਕਾ ਪਹਾੜਾਂ ਵਿੱਚ ਰਹਿਣ ਵਾਲੇ,
ਫਿਕਰ ਲੱਗ ਪਿਆ ਉਨ੍ਹਾਂ ਨੂੰ ਖਾਣ ਬੇਲੀ।
ਮਹੀਨੇ ਚਾਰ ਜਦ ਨਿੱਤ ਇਹ ਬਰਫ ਪੈਣੀ,
ਮੁਸ਼ਕਲ ਹੋਊ ਉਹ ਵਕਤ ਬਿਤਾਣ ਬੇਲੀ।
ਅੰਦਰੀਂ ਭੋਰਿਆਂ ਦੇ ਰਹਿਣਾ ਪਊ ਤੜ ਕੇ,
ਪਸ਼ੂਆਂ ਨਾਲਸਭਅੰਦਰ ਪਰਵਾਰ ਬੇਲੀ।
ਸਾਂਭ ਰੱਖਿਆ ਵਰਤਣਗੇ ਕਿਰਸ ਕਰ ਕੇ,
ਪੁੱਜਣ ਮੁਸ਼ਕਲ ਸਿਆਲ ਤੋਂ ਪਾਰ ਬੇਲੀ।

**ਤੀਸ ਮਾਰ ਖਾਂ**

# ਗਾਜ਼ਾ ਨੇ 12 ਅਤੇ ਇਜ਼ਰਾਈਲ ਨੇ 30 ਕੈਦੀਆਂ ਨੂੰ ਕੀਤਾ ਰਿਹਾਅ

ਤਲਅਵੀਵ, 29 ਨਵੰਬਰ (ਪੋਸਟ ਬਿਊਰੋ): ਇਜ਼ਰਾਈਲ ਅਤੇ ਹਮਾਸ ਵਿਚਾਲੇ ਜੰਗਬੰਦੀ ਕਾਰਨ ਫਿਲਹਾਲ ਜੰਗ ਰੁਕੀ ਹੋਈ ਹੈ। ਹਾਲਾਂਕਿ, ਇਜ਼ਰਾਈਲ ਦੇ ਪ੍ਰਧਾਨ ਮੰਤਰੀ ਬੈਂਜਾਮਿਨ ਨੇਤਨਯਾਹੂ ਨੇ ਇੱਕ ਵਾਰ ਫਿਰ ਐਲਾਨ ਕੀਤਾ ਹੈ ਕਿ ਜੰਗਬੰਦੀ ਹੋਣ ਦੇ ਬਾਵਜੂਦ ਸਾਡੀ ਲੜਾਈ ਰੁਕੀ ਨਹੀਂ ਹੈ। ਅਸੀਂ ਹਮਾਸ ਨੂੰ ਤਬਾਹ ਕਰਕੇ ਹੀ ਮਰਾਂਗੇ। ਨੇਤਨਯਾਹੂ ਨੇ ਇਹ ਵੀ ਕਿਹਾ ਕਿ ਇਜ਼ਰਾਈਲ ਸਾਰੇ ਬੰਧਕਾਂ ਦੀ ਵਾਪਸੀ ਲਈ ਵਚਨਬੱਧ ਹੈ। ਇਸ ਦੌਰਾਨ, ਰਾਇਟਰਜ਼ ਦੀ ਰਿਪੋਰਟ ਅਨੁਸਾਰ, ਰੈੱਡ ਕਰਾਸ ਦੀ ਅੰਤਰਰਾਸ਼ਟਰੀ ਕਮੇਟੀ (ਆਈਸੀਆਰਸੀ) ਨੇ ਪੁਸ਼ਟੀ ਕੀਤੀ ਹੈ ਕਿ ਹਮਾਸ ਨੇ 12 ਹੋਰ ਬੰਧਕਾਂ ਨੂੰ ਰਿਹਾਅ ਕੀਤਾ ਹੈ। ਇਨ੍ਹਾਂ ਵਿੱਚ 10 ਇਜ਼ਰਾਈਲੀ ਅਤੇ ਦੋ ਵਿਦੇਸ਼ੀ ਨਾਗਰਿਕ ਸ਼ਾਮਲ ਹਨ। ਇਜ਼ਰਾਈਲ-ਹਮਾਸ ਜੰਗਬੰਦੀ ਦੇ ਪੰਜਵੇਂ ਦਿਨ ਇਜ਼ਰਾਈਲ ਜੇਲ੍ਹ ਨੇ 30 ਫਲਸਤੀਨੀ ਕੈਦੀਆਂ ਨੂੰ ਰਿਹਾਅ ਕਰ ਦਿੱਤਾ ਹੈ।



ਇਜ਼ਰਾਈਲ ਨੇ ਮੰਗਲਵਾਰ ਨੂੰ ਲੜਾਈ ਦੇ ਵਿਚਕਾਰ ਜੰਗਬੰਦੀ ਦੇ ਹਿੱਸੇ ਵਜੋਂ 30 ਫਲਸਤੀਨੀ ਕੈਦੀਆਂ ਨੂੰ ਰਿਹਾਅ ਕੀਤਾ। ਇੱਕ ਰਿਪੋਰਟ ਅਨੁਸਾਰ ਇਜ਼ਰਾਈਲ ਜੇਲ੍ਹ ਸੇਵਾ ਨੇ ਪੁਸ਼ਟੀ ਕੀਤੀ ਕਿ ਇਸ ਨੇ ਗਾਜ਼ਾ ਵਿੱਚ ਇਜ਼ਰਾਈਲੀ ਬੰਧਕਾਂ ਨੂੰ ਆਜ਼ਾਦ ਕਰਨ ਲਈ ਇੱਕ ਸੌਦੇ ਦੇ ਹਿੱਸੇ ਵਜੋਂ 30 ਫਲਸਤੀਨੀ ਕੈਦੀਆਂ ਨੂੰ ਰਿਹਾਅ ਕੀਤਾ ਹੈ। ਕਤਰ ਮੁਤਾਬਕ ਇਸ ਸੂਚੀ ਵਿੱਚ 15 ਔਰਤਾਂ ਅਤੇ 15 ਨਾਬਾਲਗ ਸ਼ਾਮਿਲ ਹਨ।

ਦੂਜੇ ਪਾਸੇ, ਇਜ਼ਰਾਈਲੀ ਫੌਜ ਦੇ ਵਿਸ਼ੇਸ਼ ਬਲ ਅਤੇ ਸ਼ਿਨ ਬੇਟ ਆਰਮੀ 12 ਬੰਧਕਾਂ ਦੀ ਦੇਖਭਾਲ ਕਰਨ ਵਿੱਚ ਰੁੱਝੇ ਹੋਏ ਹਨ ਜੋ ਇਜ਼ਰਾਈਲ ਵਾਪਿਸ ਆ ਗਏ ਹਨ। ਉਨ੍ਹਾਂ ਦੇ ਸ਼ੁਰੂਆਤੀ ਡਾਕਟਰੀ ਇਲਾਜ ਅਤੇ ਜਾਂਚ ਤੋਂ ਬਾਅਦ, ਫੌਜੀ ਕਰਮਚਾਰੀ ਹਮਾਸ ਦੁਆਰਾ ਰਿਹਾਅ ਕੀਤੇ ਗਏ ਬੰਧਕਾਂ ਦੇ ਨਾਲ ਉਦੋਂ ਤੱਕ ਰਹਿਣਗੇ ਜਦੋਂ ਤੱਕ ਉਹ ਹਸਪਤਾਲ ਤੋਂ ਠੀਕ ਨਹੀਂ ਹੋ ਜਾਂਦੇ ਅਤੇ ਆਪਣੇ ਪਰਿਵਾਰਾਂ ਤੱਕ ਨਹੀਂ ਪਹੁੰਚ ਜਾਂਦੇ। ਆਈਡੀਐੱਫ ਕਮਾਂਡਰ ਅਤੇ ਉਸਦੇ ਸੈਨਿਕ ਹਮਾਸ ਤੋਂ ਬਚ ਕੇ ਆਏ ਲੋਕਾਂ ਨੂੰ ਗਲੇ ਲਗਾ ਰਹੇ ਹਨ ਅਤੇ ਸਲਾਮ ਕਰ ਰਹੇ ਹਨ।

## ਜਾਪਾਨ ਵਿੱਚ ਅਮਰੀਕੀ ਫੌਜ ਦਾ ਜਹਾਜ਼ ਅੱਗ ਲੱਗਣ ਤੋਂ ਬਾਅਦ ਸਮੁੰਦਰ ਵਿੱਚ ਡਿੱਗਿਆ



ਨਿਊਯਾਰਕ, 29 ਨਵੰਬਰ (ਪੋਸਟ ਬਿਊਰੋ): ਅਮਰੀਕੀ ਫੌਜੀ ਜਹਾਜ਼ ਸੀਵੀ-22 ਓਸਪ੍ਰੇ ਬੁੱਧਵਾਰ 29 ਨਵੰਬਰ ਨੂੰ ਕਰੈਸ਼ ਹੋ ਗਿਆ। ਇੰਜਣ ਨੂੰ ਅੱਗ ਲੱਗਣ ਤੋਂ ਬਾਅਦ ਇਹ ਜਾਪਾਨ ਦੇ ਯਾਕੁਸ਼ੀਮਾ ਟਾਪੂ ਨੇੜੇ ਸਮੁੰਦਰ ਵਿੱਚ ਡਿੱਗ ਗਿਆ। ਜਹਾਜ਼ ਵਿਚ 6 ਲੋਕ ਸਵਾਰ ਸਨ। ਜਾਣਕਾਰੀ ਅਨੁਸਾਰ ਮਛੇਰਿਆਂ ਨੇ ਸਮੁੰਦਰ ਕਿਨਾਰੇ ਇੱਕ ਵਿਅਕਤੀ ਨੂੰ ਬਚਾਇਆ ਹੈ। ਹਾਲਾਂਕਿ ਉਸ ਦੀ ਹਾਲਤ ਬਾਰੇ ਜਾਣਕਾਰੀ ਨਹੀਂ ਦਿੱਤੀ ਗਈ। ਰਿਪੋਰਟ ਮੁਤਾਬਕ ਯਾਕੁਸ਼ੀਮਾ ਟਾਪੂ ਨੇੜੇ ਜਹਾਜ਼ ਦਾ ਮਲਬਾ ਵੀ ਮਿਲਿਆ ਹੈ। ਜਾਪਾਨੀ ਮੀਡੀਆ ਮੁਤਾਬਕ ਅਮਰੀਕੀ ਫੌਜ ਦਾ ਜਹਾਜ਼ ਯਾਕੁਸ਼ੀਮਾ ਹਵਾਈ ਅੱਡੇ 'ਤੇ ਉਤਰਨ ਵਾਲਾ ਸੀ।

ਜਾਪਾਨ ਦੇ ਮੁੱਖ ਕੈਬਨਿਟ ਸਕੱਤਰ ਹਿਰੋਕਾਜ਼ੂ ਮਾਤਸੁਨੋ ਨੇ ਕਿਹਾ ਕਿ ਜਹਾਜ਼ ਯਾਮਾਗੁਚੀ ਦੇ ਇਵਾਕੁਨੀ ਬੇਸ ਤੋਂ ਓਕੀਨਾਵਾ ਦੇ ਕਡੇਨਾ ਬੇਸ ਵੱਲ ਜਾ ਰਿਹਾ ਸੀ। ਦੁਪਹਿਰ 2:40 ਵਜੇ (ਭਾਰਤੀ ਸਮੇਂ ਅਨੁਸਾਰ 11:10 ਵਜੇ) ਜਹਾਜ਼ ਰਾਡਾਰ ਤੋਂ ਗਾਇਬ ਹੋ ਗਿਆ।

ਇਸ ਤੋਂ ਠੀਕ 7 ਮਿੰਟ ਬਾਅਦ ਕੋਸਟ ਗਾਰਡ ਨੂੰ ਜਹਾਜ਼ ਦੇ ਕਰੈਸ਼ ਹੋਣ ਦੀ ਖਬਰ ਮਿਲੀ। ਜਾਣਕਾਰੀ ਮੁਤਾਬਕ ਹਾਦਸੇ ਦੀ ਖਬਰ ਮਿਲਦੇ ਹੀ 2 ਹੈਲੀਕਾਪਟਰ ਅਤੇ 6 ਕਿਸ਼ਤੀਆਂ ਨੂੰ ਬਚਾਅ ਕਾਰਜ ਲਈ ਭੇਜਿਆ ਗਿਆ।

REXDALE FINANCIAL SERVICES
WE HELP YOU START, GROW AND SUCCEED
We bring Canada's leading lenders to you
The Mortgage Centre
I direct mortgages Inc.
21 Roysun Rd, #6, Woodbridge, ON L4L 8R3
Ph: 905.652.3000 ext 467 | 905.652.300 ext 468
Each Mortgage center is independently owned and operated
Call now: 416.674.8035 | 416.674.7050 or Fax: 416.674.9009
ਮਿਲ ਰਹੇ ਘੱਟ ਵਿਆਜ ਦਰਾਂ ਦਾ ਫਾਇਦਾ ਚੱਕੋ ਅਤੇ ਹਜ਼ਾਰਾਂ ਹੀ ਡਾਲਰ ਬਚਾਓ!
• DEBT CONSOLIDATION • HOME EQUITY
• LOANS • HOME RENOVATION
• WANT TO GET OUT OF CREDIT CARD DEBT
ਜਿਆਦਾ ਕਰਜਾ ਦੇ ਕੇ ਥੱਕ ਚੁੱਕੇ ਹੋ?
ਆਪਣਾ ਕਰਜਾਂ ਚੁਕਾਓ!!!
ਬੈਂਕ ਨੇ ਕਰ ਦਿੱਤੀ 'ਨਾਂਹ',
ਅਸੀਂ ਕਰਾਂਗੇ 'ਹਾਂ'
MORTGAGES SUITABLE FOR EVERY NEED!
1st & 2nd Mortgage Available
ALL IN ONE LOW MONTHLY PAYMENT!
Increase Your Cash Flow by up to 50%
YOU NEED A MORTGAGE? WE'LL ARANGE IT FOR YOU NO MATTER WHAT YOUR REASON IS!
Self Employed or Unemployed
Each Mortgage Centre is independently owned and operated
19 Woodbine Downs Blvd, #201, Etobicoke, ON M9W 6N5
Jaspal Singh Gahunia #M08006400
416.677.0047

NATURAL HEALTH SOLUTIONS
Over 20 years Homeopathic/Holistic ways case solving experience
HOMEOPATHY / HOLISTIC ਵਿਧੀ ਰਾਹੀਂ ਬਿਮਾਰੀਆਂ ਦਾ ਇਲਾਜ ਕਰਨ ਦਾ 20 ਸਾਲ ਤੋਂ ਵੱਧ ਦਾ ਤਜੁਰਬਾ।
ABDOMINAL, METABOLIC, SKIN ਅਤੇ ਬੱਚਿਆਂ ਨਾਲ ਸੰਬੰਧਿਤ ਬਿਮਾਰੀਆਂ ਜਿਵੇਂ ਕੇ ਭੁੱਖ ਨਾ ਲੱਗਣਾ ਅਤੇ PSYCOLOGICAL ਸੱਮਸਿਆਵਾਂ ਨੂੰ ਠੀਕ ਕਰਨ ਦਾ ਤਜੁਰਬਾ।
ਜੇਕਰ ਕਿਤੋਂ ਹੋਰ ਇਲਾਜ ਨਹੀਂ ਹੋਇਆ ਤਾਂ ਸਾਡੇ ਨਾਲ ਸੰਪਰਕ ਕਰੋ -
ਤੁਹਾਡੀ ਭਾਸ਼ਾ ਬੋਲਦੇ - Hindi, Punjabi & English
ASHFAQ AHMAD (M.Sc.)
- Registered Ontario Homeopath
- Holistic Nutritionist
- Certified Herbalist
Phone: 647-779-5904
Address: 8 Camperdown Ave, Etobicoke.
Clinic hours: all appointment basis for client convenience

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9

ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com

SherGill Law Firm
Barrister, Solicitor & Notary Public
Paramjit Singh Gill (MBA,LL.B.)
Tel: 905-790-3636
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
2565 Steeles Ave E Unit #20, Brampton, ON L6T 4L6
Emergency Contact: 416.910.5676
www.shergilllawfirm.ca

ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਏ
Super Visa
■ How your spouse can join you within 4-6 months
■ How your parents can join you
■ How students & skilled people can come to Canada
■ How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
ICCRC
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

ukttc UK TRUCK TRAINING CENTRE
PCC #179958
Registered as a Private Careers College
ਹੁਣ ਕੈਮਬ੍ਰਿਜ ਵਿੱਚ ਨਵੀਂ ਲੋਕੇਸ਼ਨ ਖੁੱਲ ਗਈ ਹੈ!!!
225 Sheldon Dr #18, Cambridge
➡ Automatic & Manual Trucks
1 on 1 Training
Air Brake Classes
Sat & Sun 8.00am to 4.00pm
Wed & Thu 4.00pm to 11.00pm
ਜਲਦੀ ਰੋਡ ਟੈਸਟ ਬੁਕਿੰਗ
➡ Forklift Training
Forklift $79 Recertification
Counterbalance
Reach Truck
ਬਾਰ-ਬਾਰ ਫੇਲ੍ਹ ਹੋਣ ਤੋਂ ਬਚਣ ਲਈ ਤਜ਼ਰਬੇਕਾਰ ਇੰਸਟ੍ਰਕਟਰ ਤੋਂ ਟ੍ਰੇਨਿੰਗ ਪ੍ਰਾਪਤ ਕਰੋ।
We help in Written Test & in Finding Jobs
20 ਸਾਲਾਂ ਦਾ ਤਜ਼ਰਬਾ | 7 ਦਿਨ ਖੁੱਲਾ | ਗੇਅਰਾਂ ਵਾਲੇ ਟਰੱਕਾ ਦੀ ਸਪੈਸ਼ਲ ਟ੍ਰੇਨਿੰਗ
7542 Bath Rd, Mississauga, ON L4T 1L2, Off:905.673.7979
OPEN 7 DAYS uktruck1@gmail.com
Jitpal Singh Deol 647-204-1936

## ਰਾਹੁਲ ਦ੍ਰਾਵਿੜ ਟੀ-20 ਵਿਸ਼ਵ ਕੱਪ ਤੱਕ ਬਣੇ ਰਹਿਣਗੇ ਟੀਮ ਇੰਡੀਆ ਦੇ ਕੋਚ



ਨਵੀਂ ਦਿੱਲੀ, 29 ਨਵੰਬਰ (ਪੋਸਟ ਬਿਊਰੋ): ਰਾਹੁਲ ਦ੍ਰਾਵਿੜ ਟੀਮ ਇੰਡੀਆ ਦੇ ਕੋਚ ਬਣੇ ਰਹਿਣਗੇ। ਬੀਸੀਸੀਆਈ ਨੇ ਉਨ੍ਹਾਂ ਦਾ ਕਾਰਜਕਾਲ ਵਧਾ ਦਿੱਤਾ ਹੈ। ਬੋਰਡ ਨੇ ਬੁੱਧਵਾਰ 29 ਨਵੰਬਰ ਨੂੰ ਇਸ ਦਾ ਐਲਾਨ ਕੀਤਾ ਹੈ।

ਦ੍ਰਾਵਿੜ ਦਾ ਦੋ ਸਾਲ ਦਾ ਕਾਰ-ਜਕਾਲ ਵਿਸ਼ਵ ਕੱਪ ਫਾਈਨਲ ਦੇ ਨਾਲ ਖਤਮ ਹੋ ਗਿਆ ਸੀ। ਇਸ ਤੋਂ ਬਾਅਦ ਬੋਰਡ ਅਤੇ ਦ੍ਰਾਵਿੜ ਵਿਚਾਲੇ ਗੱਲਬਾਤ ਹੋਈ ਅਤੇ ਫੈਸਲਾ ਕੀਤਾ ਗਿਆ ਕਿ ਦ੍ਰਾਵਿੜ ਘੱਟੋ-ਘੱਟ ਟੀ-20 ਵਿਸ਼ਵ ਕੱਪ ਤੱਕ ਟੀਮ ਨਾਲ ਜੁੜੇ ਰਹਿਣਗੇ। ਟੀ-20 ਵਿਸ਼ਵ ਕੱਪ ਦੀ ਮੇਜ਼ਬਾਨੀ ਵੈਸਟਇੰਡੀਜ਼ ਅਤੇ ਅਮਰੀਕਾ ਜੂਨ ਵਿਚ ਹੋਣੀ ਹੈ।

ਦ੍ਰਾਵਿੜ ਸਮੇਤ ਪੂਰੇ ਭਾਰਤੀ ਕੋਚਿੰਗ ਸਟਾਫ ਦਾ ਕਾਰਜਕਾਲ ਵਧਾ ਦਿੱਤਾ ਗਿਆ ਹੈ। ਜਿਸ ਵਿੱਚ ਬੱਲੇਬਾਜ਼ੀ ਕੋਚ ਵਿਕਰਮ ਰਾਠੌਰ, ਫੀਲਡਿੰਗ ਕੋਚ ਟੀ ਦਿਲੀਪ ਅਤੇ ਗੇਂਦਬਾਜ਼ੀ ਕੋਚ ਪਾਰਸ ਮਹਾਮਬਰੇ ਸ਼ਾਮਿਲ ਹਨ।

ਟੀਮ ਇੰਡੀਆ 10 ਦਸੰਬਰ 2023 ਤੋਂ 7 ਜਨਵਰੀ 2024 ਦਰਮਿਆਨ ਤਿੰਨ ਟੀ-20, ਤਿੰਨ ਵਨਡੇ ਅਤੇ ਦੋ ਟੈਸਟ ਮੈਚਾਂ ਲਈ ਦੱਖਣੀ ਅਫਰੀਕਾ ਦਾ ਦੌਰਾ ਕਰੇਗੀ। ਬੋਰਡ ਨੇ ਕਿਹਾ ਹੈ ਕਿ ਇਸ ਅਸਾਈਨਮੈਂਟ ਦੌਰਾਨ ਦ੍ਰਾਵਿੜ ਟੀਮ ਦੇ ਨਾਲ ਹੋਣਗੇ। ਇਸ ਤੋਂ ਪਹਿਲਾਂ ਮੰਨਿਆ ਜਾ ਰਿਹਾ ਸੀ ਕਿ ਦ੍ਰਾਵਿੜ ਆਪਣਾ ਕਾਰ-ਜਕਾਲ ਅੱਗੇ ਜਾਰੀ ਨਹੀਂ ਰੱਖਣਾ ਚਾਹੁੰਦੇ ਅਤੇ ਵੀਵੀਐਸ ਲਕਸ਼ਮਣ ਨੂੰ ਦੱਖਣੀ ਅਫਰੀਕਾ ਦੌਰੇ ਲਈ ਕੋਚ ਵਜੋਂ ਭੇਜਿਆ ਜਾ ਸਕਦਾ ਹੈ।

## ਫਲਾਈਟ ਵਿਚ ਪਤੀ-ਪਤਨੀ ਦੀ ਹੋਈ ਲੜਾਈ, ਕਰਨੀ ਪਈ ਐਮਰਜੈਂਸੀ ਲੈਂਡਿੰਗ




ਨਵੀਂ ਦਿੱਲੀ, 29 ਨਵੰਬਰ (ਪੋਸਟ ਬਿਊਰੋ): ਲੁਫਥਾਂਸਾ ਏਅਰਲਾਈਨਜ਼ ਦੀ ਉਡਾਨ ਐੱਲ.ਐੱਚ.772, ਬੈਂਕਾਕ ਤੋਂ ਜਰਮਨੀ ਦੇ ਮਿਊਨਿਖ ਜਾ ਰਹੀ ਸੀ, ਨੂੰ ਬੁੱਧਵਾਰ, 29 ਨਵੰਬਰ ਨੂੰ ਸਵੇਰੇ 10:26 ਵਜੇ ਦਿੱਲੀ ਦੇ ਇੰਦਰਾ ਗਾਂਧੀ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਐਮਰਜੈਂਸੀ ਲੈਂਡਿੰਗ ਕਰਵਾਈ ਗਈ। ਜਹਾਜ਼ ਵਿੱਚ ਮੌਜੂਦ ਇੱਕ ਜੋੜੇ ਵਿੱਚ ਲੜਾਈ ਹੋਣ ਕਾਰਨ ਇਸ ਨੂੰ ਦਿੱਲੀ ਵੱਲ ਮੋੜ ਦਿੱਤਾ ਗਿਆ।

ਖ਼ਬਰਾਂ ਮੁਤਾਬਕ ਦਿੱਲੀ ਹਵਾਈ ਅੱਡੇ ਦੇ ਸੁਰੱਖਿਆ ਅਧਿਕਾਰੀਆਂ ਨੇ ਦੱਸਿਆ ਕਿ ਪਤੀ-ਪਤਨੀ ਵਿਚਾਲੇ ਝਗੜਾ ਕਿਉਂ ਹੋਇਆ, ਇਸ ਬਾਰੇ ਜਾਣਕਾਰੀ ਸਾਹਮਣੇ ਨਹੀਂ ਆਈ ਹੈ।

ਫਲਾਈਟ ਕਰੂ ਨੇ ਪਹਿਲਾਂ ਪਾਕਿਸਤਾਨ ਵਿਚ ਲੈਂਡ ਕਰਨ ਦੀ ਇਜਾਜ਼ਤ ਮੰਗੀ ਪਰ ਪਾਕਿਸਤਾਨ ਅਥਾਰਟੀ ਨੇ ਇਨਕਾਰ ਕਰ ਦਿੱਤਾ। ਇਸ ਤੋਂ ਬਾਅਦ ਫਲਾਈਟ ਦਿੱਲੀ ਏਅਰਪੋਰਟ 'ਤੇ ਉਤਰੀ। ਸੁਰੱਖਿਆ ਅਧਿਕਾਰੀਆਂ ਨੇ ਦੱਸਿਆ ਕਿ ਸ਼ੁਰੂਆਤ ਵਿਚ ਪਤੀ-ਪਤਨੀ ਵਿਚ ਬਹਿਸ ਹੋਈ, ਜੋ ਹੌਲੀ-ਹੌਲੀ ਲੜਾਈ ਵਿਚ ਬਦਲ ਗਈ। ਇਸ ਤੋਂ ਬਾਅਦ ਚਾਲਕ ਦਲ ਦੇ ਮੈਂਬਰਾਂ ਨੇ ਫਲਾਈਟ ਨੂੰ ਡਾਇਵਰਟ ਕਰਨ ਦਾ ਫੈਸਲਾ ਕੀਤਾ।

ਇੱਕ ਦੀ ਰਿਪੋਰਟ ਮੁਤਾਬਕ ਜਰਮਨੀ ਦੇ ਇੱਕ 53 ਸਾਲਾ ਵਿਅਕਤੀ ਦੀ ਆਪਣੀ ਪਤਨੀ ਨਾਲ ਲੜਾਈ ਹੋ ਗਈ। ਪਤਨੀ ਥਾਈਲੈਂਡ ਦੀ ਰਹਿਣ ਵਾਲੀ ਹੈ। ਮਹਿਲਾ ਨੇ ਜਹਾਜ਼ ਦੇ ਪਾਇਲਟ ਨੂੰ ਆਪਣੇ ਪਤੀ ਦੇ ਮਾੜੇ ਵਿਵਹਾਰ ਦੀ ਸ਼ਿਕਾਇਤ ਵੀ ਕੀਤੀ ਸੀ ਅਤੇ ਉਸ ਤੋਂ ਦਖਲ ਦੀ ਮੰਗ ਕੀਤੀ ਸੀ। ਉਸ ਨੇ ਦੱਸਿਆ ਕਿ ਉਸ ਦਾ ਪਤੀ ਉਸ ਨੂੰ ਧਮਕੀਆਂ ਦੇ ਰਿਹਾ ਸੀ।

ਪਤੀ 'ਤੇ ਫਲਾਈਟ 'ਚ ਖਾਣਾ ਸੁੱਟਣ, ਲਾਈਟਰ ਨਾਲ ਬੈੱਡਸ਼ੀਟ ਨੂੰ ਸਾੜਨ ਦੀ ਕੋਸ਼ਿਸ਼ ਕਰਨ ਅਤੇ ਪਤਨੀ 'ਤੇ ਚਿਲਾਉਣ ਦਾ ਦੋਸ਼ ਹੈ। ਉਸ ਨੇ ਅਮਲੇ ਦੀ ਗੱਲ ਵੀ ਸੁਣਨ ਤੋਂ ਇਨਕਾਰ ਕਰ ਦਿੱਤਾ। ਫਲਾਈਟ ਵਿਚ ਲੜਾਈ ਕਰ ਰਹੇ ਵਿਅਕਤੀ ਨੂੰ ਦਿੱਲੀ ਏਅਰਪੋਰਟ 'ਤੇ ਉਤਾਰ ਕੇ ਸਿਕਿਓਰਿਟੀ ਦੇ ਹਵਾਲੇ ਕਰ ਦਿੱਤਾ ਗਿਆ।

## 4 ਮਹੀਨਿਆਂ ਬਾਅਦ ਪਾਕਿਸਤਾਨ ਤੋਂ ਭਾਰਤ ਵਾਪਿਸ ਆਈ ਅੰਜੂ



ਨਵੀਂ ਦਿੱਲੀ, 29 ਨਵੰਬਰ (ਪੋਸਟ ਬਿਊਰੋ): ਪਾਕਿਸਤਾਨ ਜਾ ਕੇ ਆਪਣੇ ਪ੍ਰੇਮੀ ਨਾਲ ਵਿਆਹ ਕਰਨ ਵਾਲੀ ਅੰਜੂ (35) ਕਰੀਬ 4 ਮਹੀਨਿਆਂ ਬਾਅਦ ਭਾਰਤ ਵਾਪਿਸ ਆਈ ਹੈ। ਅੰਜੂ ਬੁੱਧਵਾਰ ਨੂੰ ਅਟਾਰੀ-ਵਾਹਗਾ ਸਰਹੱਦ ਤੋਂ ਭਾਰਤ ਵਿੱਚ ਦਾਖਲ ਹੋਈ ਸੀ। ਅੰਜੂ ਨੂੰ ਫਿਲਹਾਲ ਬੀ.ਐੱਸ.ਐੱਫ. ਕੈਂਪ ਵਿੱਚ ਰੱਖਿਆ ਗਿਆ ਹੈ। ਇੱਥੇ ਮੀਡੀਆ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਕੋਈ ਵੀ ਟਿੱਪਣੀ ਕਰਨ ਤੋਂ ਇਨਕਾਰ ਕਰ ਦਿੱਤਾ। ਹਾਲਾਂਕਿ ਉਸ ਨੇ ਯਕੀਨੀ ਤੌਰ 'ਤੇ ਕਿਹਾ ਕਿ ਮੈਂ ਖੁਸ਼ ਹਾਂ।

ਅੰਜੂ ਆਪਣੇ ਪਤੀ ਅਰਵਿੰਦ ਅਤੇ ਦੋ ਬੱਚਿਆਂ ਨਾਲ ਰਾਜਸਥਾਨ ਦੇ ਅਲਵਰ ਜ਼ਿਲ੍ਹੇ ਦੇ ਭਿਵੜੀ ਵਿੱਚ ਰਹਿੰਦੀ ਸੀ। ਉਹ ਟੂਰਿਸਟ ਵੀਜ਼ੇ 'ਤੇ ਪਾਕਿਸਤਾਨ ਗਈ ਸੀ ਪਰ ਬਾਅਦ ਵਿਚ ਪਤਾ ਲੱਗਾ ਕਿ ਉਹ ਖੈਬਰ ਪਖਤੂਨਖਵਾ ਵਿਚ ਰਹਿਣ ਵਾਲੇ ਨਸਰੁੱਲਾ ਨੂੰ ਮਿਲਣ ਗਈ ਸੀ। ਪਾਕਿਸਤਾਨ ਵਿਚ ਉਨ੍ਹਾਂ ਦੇ ਪ੍ਰੀ-ਵੈਡਿੰਗ ਸ਼ੂਟ ਅਤੇ ਨਿਕਾਹ ਦੀਆਂ ਤਸਵੀਰਾਂ ਵੀ ਸਾਹਮਣੇ ਆਈਆਂ ਹਨ।

ਅਰਵਿੰਦ ਕੁਮਾਰ ਆਪਣੇ ਪਰਿਵਾਰ ਨਾਲ ਤਿਜਾਰਾ ਮੈਗਾ ਹਾਈਵੇਅ, ਭਿਵੜੀ 'ਤੇ ਟੈਰਾ ਐਲੀਗੈਂਸ ਰਿਹਾਇਸ਼ੀ ਸੁਸਾਇਟੀ ਵਿਚ ਕਰੀਬ 4 ਸਾਲਾਂ ਤੋਂ ਕਿਰਾਏ 'ਤੇ ਰਹਿ ਰਿਹਾ ਸੀ। ਉਸ ਦੀ ਪਤਨੀ ਅੰਜੂ ਨੇ ਫੇਸਬੁੱਕ ਰਾਹੀਂ ਨਸਰੁੱਲਾ ਨਾਲ ਦੋਸਤੀ ਕੀਤੀ ਸੀ। ਅਰਵਿੰਦ ਅਤੇ ਉਸਦੇ ਦੋ ਬੱਚਿਆਂ ਨੂੰ ਉਸਦੇ ਪਾਕਿਸਤਾਨ ਜਾਣ ਦਾ ਪਤਾ ਵੀ ਨਹੀਂ ਸੀ।

20 ਜੁਲਾਈ 2023 ਨੂੰ ਅੰਜੂ ਨੇ ਆਪਣੇ ਪਤੀ ਅਰਵਿੰਦ ਨੂੰ ਦੱਸਿਆ ਕਿ ਉਹ ਆਪਣੇ ਦੋਸਤ ਨੂੰ ਮਿਲਣ ਜੈਪੁਰ ਜਾ ਰਹੀ ਹੈ। ਤਿੰਨ ਦਿਨ ਬਾਅਦ 23 ਜੁਲਾਈ ਨੂੰ ਮੀਡੀਆ ਵਿਚ ਖਬਰਾਂ ਆਈਆਂ ਕਿ ਅੰਜੂ ਆਪਣੇ ਪ੍ਰੇਮੀ ਨਸਰੁੱਲਾ ਨੂੰ ਮਿਲਣ ਪਾਕਿ-ਸਤਾਨ ਪਹੁੰਚ ਗਈ ਹੈ। ਉਹ ਉਸ ਨਾਲ ਵਿਆਹ ਕਰਨ ਜਾ ਰਹੀ ਹੈ। 25 ਜੁਲਾਈ ਨੂੰ ਅੰਜੂ ਨੇ ਨਸਰੁੱਲਾ ਨਾਲ ਵਿਆਹ ਕਰਵਾ ਲਿਆ। ਉਹ ਅੰਜੂ ਤੋਂ ਫਾਤਿਮਾ ਬਣੀ।

## ਪੰਜਾਬ ਵਿਧਾਨ ਸਭਾ ਵੱਲੋਂ ਚਾਰ ਅਹਿਮ ਬਿੱਲ ਪਾਸ



ਚੰਡੀਗੜ੍ਹ, 29 ਨਵੰਬਰ (ਗਿਆਨ ਸਿੰਘ): ਪੰਜਾਬ ਵਿਧਾਨ ਸਭਾ ਨੇ ਅੱਜ ਚਾਰ ਅਹਿਮ ਬਿੱਲ ਸਰਬਸੰਮਤੀ ਨਾਲ ਪਾਸ ਕੀਤੇ ਹਨ। ਪੰਜਾਬ ਦੇ ਮਾਲ ਮੰਤਰੀ ਬ੍ਰਮ ਸ਼ੰਕਰ ਜਿੰਪਾ ਵੱਲੋਂ ਤਿੰਨ ਬਿੱਲ ਪੇਸ਼ ਕੀਤੇ ਗਏ, ਜਿਨ੍ਹਾਂ ਵਿੱਚ ਜਾਇਦਾਦ ਦਾ ਤਬਾਦਲਾ (ਪੰਜਾਬ ਸੋਧਨਾ) ਬਿੱਲ-2023, ਰਜਿਸਟ੍ਰੇਸ਼ਨ (ਪੰਜਾਬ ਸੋਧਨਾ) ਬਿੱਲ-2023 ਅਤੇ ਭਾਰਤੀ ਸਟੈਂਪ (ਪੰਜਾਬ ਸੋਧਨਾ) ਬਿੱਲ-2023 ਸ਼ਾਮਿਲ ਹਨ। ਇਸੇ ਤਰ੍ਹਾਂ ਜਲ ਸਰੋਤ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਵੱਲੋਂ ਚੌਥਾ ਬਿੱਲ ਪੰਜਾਬ ਕੈਨਾਲ ਐਂਡ ਡਰੇਨੇਜ ਬਿੱਲ-2023 ਪੇਸ਼ ਕੀਤਾ ਗਿਆ। ਵਿਧਾਨ ਸਭਾ ਸੈਸ਼ਨ ਦੌਰਾਨ ਇਨ੍ਹਾਂ ਚਾਰੋ ਬਿੱਲਾਂ ਨੂੰ ਸਰਬਸੰਮਤੀ ਨਾਲ ਪਾਸ ਕਰ ਦਿੱਤਾ ਗਿਆ।

## ਮਾਨ ਸਰਕਾਰ ਨੇ ਬਦਲੀ ਪੰਜਾਬ ਦੇ ਸਕੂਲਾਂ ਦੀ ਦਸ਼ਾ : ਬੈਂਸ

### 31 ਮਾਰਚ, 2024 ਤੱਕ ਨਹੀਂ ਹੋਵੇਗਾ ਕੋਈ ਵੀ ਸਕੂਲ ਬਿਨਾਂ ਅਧਿਆਪਕ ਜਾਂ ਸਿੰਗਲ ਟੀਚਰ ਵਾਲਾ: ਸਕੂਲ ਸਿੱਖਿਆ ਮੰਤਰੀ



ਚੰਡੀਗੜ੍ਹ, 29 ਨਵੰਬਰ (ਪੋਸਟ ਬਿਊਰੋ): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਸੂਬੇ ਵਿੱਚ ਸਿਹਤ ਅਤੇ ਸਿੱਖਿਆ ਨੂੰ ਸੱਤਾ ਦਾ ਕੇਂਦਰ ਬਿੰਦੂ ਬਣਾ ਦਿੱਤਾ ਹੈ।

ਉਕਤ ਪ੍ਰਗਟਾਵਾ ਪੰਜਾਬ ਦੇ ਸਕੂਲ ਸਿੱਖਿਆ ਮੰਤਰੀ ਸ. ਹਰਜੋਤ ਸਿੰਘ ਬੈਂਸ ਨੇ ਅੱਜ ਇੱਥੇ ਪੰਜਾਬ ਵਿਧਾਨ ਸਭਾ ਵਿੱਚ ਪ੍ਰਸ਼ਨ ਕਾਲ ਦੌਰਾਨ ਕੀਤਾ। ਵਿਧਾਇਕ ਵੱਲੋਂ ਪੁੱਛੇ ਗਏ ਸਵਾਲ ਦਾ ਜਵਾਬ ਦਿੰਦਿਆਂ ਸਕੂਲ ਸਿੱਖਿਆ ਮੰਤਰੀ ਨੇ ਦੱਸਿਆ ਕਿ 16 ਮਾਰਚ, 2022 ਤੋਂ ਪਹਿਲਾਂ ਪੰਜਾਬ ਰਾਜ ਵਿੱਚ ਬਿਨਾਂ ਅਧਿਆਪਕ ਜਾਂ ਸਿੰਗਲ ਟੀਚਰ ਵਾਲੇ ਸਕੂਲਾਂ ਦੀ ਗਿਣਤੀ 3500 ਤੋਂ ਵੱਧ ਸੀ, ਜੋ ਕਿ ਹੁਣ ਘੱਟ ਕੇ 600 ਦੇ ਕਰੀਬ ਰਹਿ ਗਈ ਹੈ।

ਉਹਨਾਂ ਸਦਨ ਨੂੰ ਭਰੋਸਾ ਦਵਾਇਆ ਕਿ ਪੰਜਾਬ ਦੇਸ਼ ਦਾ ਪਹਿਲਾ ਸੂਬਾ ਹੋਏਗਾ ਜਿੱਥੇ ਸੂਬੇ ਦੇ ਸਾਰੇ ਸਕੂਲਾਂ ਵਿੱਚ 31 ਮਾਰਚ,2024 ਤੱਕ ਕੋਈ ਵੀ ਸਕੂਲ ਬਿਨਾਂ ਅਧਿਆਪਕ ਜਾਂ ਸਿੰਗਲ ਟੀਚਰ ਵਾਲਾ ਨਹੀਂ ਹੋਵੇਗਾ।

ਉਹਨਾਂ ਦੱਸਿਆ ਕਿ ਸਾਡੀ ਸਰਕਾਰ ਨੇ ਦੇਸ਼ ਦੇ ਮਹਾਨ ਸ਼ਹੀਦ ਸ. ਭਗਤ ਸਿੰਘ ਦੇ ਜੱਦੀ ਪਿੰਡ ਖਟਕੜ ਕਲਾਂ ਸਕੂਲ ਦਾ ਨਾਮ ਸ਼ਹੀਦ ਭਗਤ ਸਿੰਘ ਦੇ ਨਾਮ 'ਤੇ ਰੱਖਿਆ ਗਿਆ ਹੈ ਜਿਸ ਬਾਰੇ ਪਿਛਲੇ 70 ਸਾਲਾਂ ਦੌਰਾਨ ਕਿਸੇ ਪਿਛਲੀ ਸਰਕਾਰ ਨੇ ਨਹੀਂ ਸੋਚਿਆ।


ਉਹਨਾਂ ਕਿਹਾ ਕਿ ਪੰਜਾਬ ਦੇ ਹਰ ਇੱਕ ਸਰਕਾਰੀ ਸਕੂਲ ਵਿੱਚ ਕੁਝ ਨਾ ਕੁਝ ਨਵਾਂ ਉਸਾਰੀ ਦਾ ਕੰਮ ਚੱਲ ਰਿਹਾ ਹੈ। ਉਹਨਾਂ ਦੱਸਿਆ ਕਿ ਮੇਰੇ ਵਿਧਾਨ ਸਭਾ ਹਲਕਾ ਅਨੰਦਪੁਰ ਸਾਹਿਬ ਅਧੀਨ ਆਉਂਦੇ ਨਾਨਗਰਾਂ ਸਕੂਲ ਨੂੰ 70 ਸਾਲ ਬਾਅਦ ਚਾਰ ਦੀਵਾਰੀ ਨਸੀਬ ਹੋਈ ਹੈ। ਕੈਬਿਨੇਟ ਮੰਤਰੀ ਨੇ ਦੱਸਿਆ ਕਿ ਮੌਜੂਦ ਸਮੇਂ ਸਰਕਾਰੀ ਸਕੂਲਾਂ ਦੀ ਬਾਊਡਰੀਵਾਲ ਦੀ ਉਸਾਰੀ ਲਈ 323 ਕਰੋੜ ਰੱਖੇ ਗਏ ਸਨ, ਜਿਸ ਵਿੱਚੋਂ 290 ਕਰੋੜ ਖਰਚ ਹੋ ਗਏ ਹਨ। ਹੋਰ ਜਾਣਕਾਰੀ ਦਿੰਦਿਆਂ ਉਹਨਾਂ ਦੱਸਿਆ ਕਿ ਸੂਬੇ ਦੇ 7654 ਸਕੂਲਾਂ ਵਿੱਚ 1300 ਕਿਲੋਮੀਟਰ ਦੀ ਚਾਰ ਦੀਵਾਰੀ ਦਾ ਕੰਮ ਮੁਕੰਮਲ ਹੋ ਚੁੱਕਾ ਹੈ, ਜਦਕਿ 10,000 ਨਵੇਂ ਕਮਰੇ ਬਣ ਰਹੇ ਹਨ। ਇਸ ਤੋਂ ਇਲਾਵਾ ਪੰਜਾਬ ਦੇਸ਼ ਦਾ ਪਹਿਲਾ ਸੂਬਾ ਜਿੱਥੇ ਸਕਿਊਰਟੀ ਤੈਨਾਤ ਕੀਤੇ ਗਏ ਹਨ। ਇਸ ਤੋਂ ਇਲਾਵਾ 31 ਮਾਰਚ,2024 ਤੱਕ ਪੰਜਾਬ ਦੇ ਸਾਰੇ ਸਕੂਲਾਂ ਵਿੱਚ ਵਾਈ-ਫ਼ਾਈ ਸਿਸਟਮ ਲੱਗ ਜਾਵੇਗਾ।

ਬੈਂਸ ਨੇ ਕਿਹਾ ਕਿ ਸ਼ਹੀਦ ਭਗਤ ਸਿੰਘ ਦੇ ਬੰਗਾ ਸ਼ਹਿਰ ਵਿੱਚ ਜਲਦ ਹੀ ਕਰੋੜਾਂ ਰੁਪਏ ਦੀ ਲਾਗਤ ਨਾਲ ਸ਼ਾਨਦਾਰ ਸਕੂਲ ਆਫ਼ ਐਮੀਨੈਂਸ ਬਣਾਇਆ ਜਾਵੇਗਾ। ਉਹਨਾਂ ਕਿਹਾ ਕਿ ਸਾਡੀ ਸਰਕਾਰ ਦਾ ਉਦੇਸ਼ ਮਿਆਰੀ ਸਿੱਖਿਆ ਤੱਕ ਹਰ ਇੱਕ ਦੀ ਪਹੁੰਚ ਕਰਨਾ ਹੈ।

ਸਿੱਖਿਆ ਮੰਤਰੀ ਨੇ ਦੱਸਿਆ ਕਿ ਨੈਸ਼ਨਲ ਇੰਸਟੀਚਿਊਟ ਆਫ਼ ਫ਼ੈਸ਼ਨ ਟੈਕਨਾਲੋਜੀ ਤੋਂ ਸਕੂਲ ਆਫ਼ ਐਮੀਨੈਂਸ ਦੇ ਵਿਦਿਆਰਥੀਆਂ ਦੀ ਵਰਦੀ ਡਿਜ਼ਾਈਨ ਕਰਵਾਈ ਗਈ ਹੈ, ਜਿਸ ਦੀ ਵਿਰੋਧੀ ਪਾਰਟੀਆਂ ਦੇ ਆਗੂਆਂ ਵੱਲੋਂ ਵੀ ਸਿਫ਼ਤ ਕੀਤੀ ਜਾ ਰਹੀ ਹੈ।

## ਮਾਨ ਸਰਕਾਰ ਵੱਲੋਂ ਪਹਿਲੀ ਵਾਰ ਲਾਅ ਅਫਸਰਾਂ ਦੀ ਭਰਤੀ ਵਿੱਚ ਅਨੁਸੂਚਿਤ ਜਾਤੀਆਂ ਲਈ ਰਾਖਵਾਂਕਰਨ ਕੀਤਾ ਗਿਆ : ਹਰਪਾਲ ਸਿੰਘ ਚੀਮਾ

### ਲਾਅ ਅਫਸਰਾਂ ਲਈ ਜਾਰੀ ਇਸ਼ਤਿਹਾਰ ਵਿੱਚ 178 ਜਨਰਲ ਅਤੇ 58 ਅਨੁਸੂਚਿਤ ਜਾਤੀਆਂ ਲਈ ਰਾਖਵੀਆਂ



ਚੰਡੀਗੜ੍ਹ, 29 ਨਵੰਬਰ (ਗਿਆਨ ਸਿੰਘ): ਪੰਜਾਬ ਦੇ ਵਿੱਤ, ਯੋਜਨਾ, ਆਬਕਾਰੀ ਤੇ ਕਰ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਅੱਜ ਵਿਧਾਨ ਸਭਾ ਵਿੱਚ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਲਾਅ ਅਫਸਰਾਂ ਦੀ ਭਰਤੀ ਲਈ ਜਾਰੀ ਇਸ਼ਤਿਹਾਰ ਵਿੱਚ ਪਹਿਲੀ ਵਾਰੀ 58 ਅਸਾਮੀਆਂ ਅਨੁਸੂਚਿਤ ਜਾਤੀਆਂ ਲਈ ਰਾਖਵੀਆਂ ਰੱਖੀਆਂ ਗਈਆਂ ਹਨ ਅਤੇ 178 ਅਸਾਮੀਆਂ ਜਨਰਲ ਕੈਟਗਰੀ ਲਈ ਹਨ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਜਿਨ੍ਹਾ ਕੋਲ ਗ੍ਰਹਿ ਮਾਮਲੇ ਅਤੇ ਨਿਆਂ ਵਿਭਾਗ ਵੀ ਹੈ, ਤਰਫੋਂ ਨਵਾਂ ਸ਼ਹਿਰ ਦੇ ਵਿਧਾਇਕ ਵੱਲੋਂ ਲਿਆਂਦੇ ਧਿਆਨ ਦਿਵਾਊ ਮਤੇ ਦਾ ਜਵਾਬ ਦਿੰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਉਹ ਸਰਦਾਰ ਭਗਵੰਤ ਸਿੰਘ ਮਾਨ ਦੀ ਸੋਚ ਨੂੰ ਮੈਂ ਸਲਾਮ ਕਰਦੇ ਹਨ ਜਿਨ੍ਹਾਂ ਦੀ ਅਗਵਾਈ ਹੇਠ ਇਹ ਅਸਾਮੀਆਂ ਕੁਝ ਦੇਰ ਪਹਿਲਾਂ ਵੀ ਕੱਢੀਆਂ ਗਈਆਂ ਸਨ ਪਰ ਕੁਝ ਤਕਨੀਕੀ ਕਾਰਨਾਂ ਕਰਕੇ ਇਸ ਬਾਰੇ ਪੰਜਾਬ ਹਰਿਆਣਾ ਹਾਈਕੋਰਟ ਵਿੱਚ ਰਿਟ ਪਟੀਸ਼ਨ ਦਾਖਿਲ ਹੋ ਗਈ। ਉਨ੍ਹਾਂ ਕਿਹਾ ਕਿ ਹੁਣ ਦੁਬਾਰਾ ਸਾਰੀਆਂ ਅਸਾਮੀਆਂ ਦੀ ਭਰਤੀ ਲਈ 23 ਨਵੰਬਰ 2023 ਨੂੰ ਇਸ਼ਤਿਹਾਰ ਜਾਰੀ ਕੀਤਾ ਗਿਆ ਹੈ ਜਿਸ ਤਹਿਤ ਅਨੁਸੂਚਿਤ ਜਾਤੀਆਂ ਲਈ ਰਾਖਵੀਆਂ ਕੁੱਲ 58 ਅਸਾਮੀਆਂ ਵਿੱਚ 12 ਐਡੀਸ਼ਨਲ ਐਡਵੋਕੇਟ ਜਨਰਲ, 5 ਸੀਨੀਅਰ ਡਿਪਟੀ ਐਡਵੋਕੇਟ ਜਨਰਲ, 16 ਡਿਪਟੀ ਐਡਵੋਕੇਟ ਜਨਰਲ, 23 ਅਸਿਸਟੈਂਟ ਐਡਵੋਕੇਟ ਜਨਰਲ ਅਤੇ 2 ਐਡਵੋਕੇਟ ਆਨ ਰਿਕਾਰਡ ਦੀਆਂ ਅਸਾਮੀਆਂ ਸ਼ਾਮਿਲ ਹਨ।

ਵਿੱਤ ਮੰਤਰੀ ਨੇ ਕਿਹਾ ਕਿ ਪੰਜਾਬ ਵਿੱਚ ਕਈ ਵਾਰ ਕਾਂਗਰਸ ਅਤੇ ਸ਼੍ਰੋਮਣੀ ਅਕਾਲੀ ਦਲ-ਭਾਜਪਾ ਗਠਜੋੜ ਨੇ ਰਾਜ ਕੀਤਾ ਪਰ ਸੂਬੇ ਵਿੱਚ 34 ਫੀਸਦੀ ਆਬਾਦੀ ਅਨੁਸੂਚਿਤ ਜਾਤੀ ਦੇ ਲੋਕਾਂ ਦੀ ਹੋਣ ਦੇ ਬਾਵਜੂਦ ਕਿਸੇ ਵੀ ਸਰਕਾਰ ਨੇ ਲਾਅ ਅਫਸਰਾਂ ਦੀ ਨਿਯੁਕਤੀ ਵੇਲੇ ਅਨੁਸੂਚਿਤ ਜਾਤੀਆਂ ਨਾਲ ਸਬੰਧਤ ਵਕੀਲਾਂ ਲਈ ਰਾਖਵਾਂਕਰਨ ਨਹੀਂ ਕੀਤਾ। ਉਨ੍ਹਾਂ ਕਿਹਾ, "ਜਦੋਂ ਮੈਂ ਪਹਿਲੀ ਵਾਰ ਵਿਧਾਨ ਸਭਾ ਵਿੱਚ ਚੁਣ ਕੇ ਆਇਆ ਸੀ ਤਾਂ ਉਸ ਸਮੇਂ ਦੀ ਕਾਂਗਰਸ ਸਰਕਾਰ ਨੇ ਪਹਿਲਾ ਬਿੱਲ ਐਡਵੋਕੇਟ ਜਨਰਲ ਦੀ ਅਪਾਇੰਟਮੈਂਟ ਬਾਰੇ ਲੈ ਕੇ ਆਏ ਸਨ ਅਤੇ ਮੈਂ ਪਹਿਲਾ ਪ੍ਰਸ਼ਨ ਮੈਂ ਇਸ ਮੁਕੱਦਸ ਹਾਊਸ ਵਿੱਚ ਇਨ੍ਹਾਂ ਅਸਾਮੀਆਂ ਦੀ ਰਿਜਰਵੇਸ਼ ਬਾਰੇ ਚੁੱਕਿਆ ਸੀ। ਲੇਕਿਨ ਉਸ ਸਮੇਂ ਕਾਂਗਰਸ ਦੀ ਸਰਕਾਰ ਸੀ, ਜੋ ਮੈਂ ਸਮਝਦਾ ਸਦੀਆਂ ਤੋਂ ਦਲਿਤਾਂ ਦੇ ਨਾਂਅ 'ਤੇ ਵੋਟਾਂ ਲੈ ਕੇ ਧੋਖਾ ਕਰਦੀ ਰਹੀ ਹੈ।"

ਵਿੱਤ ਮੰਤਰੀ ਨੇ ਕਿਹਾ ਕਿ ਇਹ ਪਹਿਲੀ ਸਰਕਾਰ ਹੈ ਜਿਸ ਨੇ ਪਹਿਲ ਵਾਰ ਪੰਜਾਬ ਦੇ ਉਨ੍ਹਾਂ ਗਰੀਬ ਲੋਕਾਂ ਦੇ ਬੱਚਿਆਂ ਨੂੰ, ਜਿਹੜੇ ਦਿਹਾੜੀ ਕਰਕੇ ਤੇ ਬੜੀ ਮਿਹਨਤ ਮੁਸ਼ੱਕਤ ਕਰਕੇ ਆਪਣੇ ਬੱਚਿਆਂ ਨੂੰ ਵਕੀਲ ਬਣਾਉਂਦੇ ਹਨ ਆਪਣੇ ਬੱਚਿਆਂ ਨੂੰ ਹਾਇਰ ਐਜੂਕੇਸ਼ਨ ਦਿਵਾਉਂਦੇ ਹਨ, ਲਈ ਰਾਖਵਾਂਕਰਨ ਲੈ ਕੇ ਆਈ ਹੈ। ਉਨ੍ਹਾਂ ਕਿਹਾ ਕਿ ਕੁਝ ਦਿਨਾਂ ਦੇ ਅੰਦਰ-ਅੰਦਰ ਇਹ ਪੋਸਟਾਂ ਭਰ ਲਈਆਂ ਜਾਣਗੀਆਂ ਅਤੇ ਇਹ ਐਡਵੋਕੇਟ ਹਾਈਕੋਰਟ ਵਿੱਚ ਆਪਣੀ ਡਿਊਟੀ ਨਿਭਾਉਣਗੇ।

ਵਿੱਤ ਮੰਤਰੀ ਨੇ ਕਿਹਾ ਕਿ ਪੰਜਾਬ ਦੇ ਦਲਿਤ ਭਾਈਚਾਰੇ ਲਈ ਅੱਜ ਇਤਿਹਾ-ਸਕ ਦਿਨ ਹੈ ਅਤੇ ਉਹ ਜਿੱਥੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਕਰਨਾ ਚਾਹੁੰਦੇ ਹਨ ਉਥੇ ਹੀ ਇਹ ਧਿਆਨ ਦਿਵਾਊ ਮਤਾ ਲਿਆਉਣ ਲਈ ਮੈਂਬਰ ਸਾਹਿਬ ਦਾ ਵੀ ਧੰਨਵਾਦ ਕਰਨਾ ਚਾਹੁੰਦੇ ਹਨ।










# ਜ਼ਮੀਨ ਦਾ ਤਬਾਦਲਾ ਤੇ ਇੰਤਕਾਲ ਦਰਜ ਕਰਨ ਬਦਲੇ 25,000 ਰੁਪਏ ਰਿਸ਼ਵਤ ਲੈਂਦਾ ਪਟਵਾਰੀ ਵਿਜੀਲੈਂਸ ਬਿਊਰੋ ਵੱਲੋਂ ਕਾਬੂ

ਚੰਡੀਗੜ੍ਹ, 29 ਨਵੰਬਰ (ਗਿਆਨ ਸਿੰਘ): ਪੰਜਾਬ ਵਿਜੀਲੈਂਸ ਬਿਊਰੋ ਨੇ ਆਪਣੀ ਭ੍ਰਿਸ਼ਟਾਚਾਰ ਵਿਰੋਧੀ ਮੁਹਿੰਮ ਦੌਰਾਨ ਬੁੱਧਵਾਰ ਨੂੰ ਮਾਲ ਹਲਕਾ ਸ਼ਾਮਚੁਰਾਸੀ, ਜ਼ਿਲ੍ਹਾ ਹੁਸ਼ਿਆਰਪੁਰ ਵਿਖੇ ਤਾਇਨਾਤ ਮਾਲ ਪਟਵਾਰੀ ਨਰਜੀਤ ਸਿੰਘ ਨੂੰ 25,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ।



ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਮਾਲ ਕਰਮਚਾਰੀ ਵਿਰੁੱਧ ਇਹ ਕੇਸ ਹੁਸ਼ਿਆਰਪੁਰ ਜ਼ਿਲ੍ਹੇ ਦੇ ਪਿੰਡ ਕਡਿਆਣਾ ਨਿਵਾਸੀ ਬਲਦੇਵ ਸਿੰਘ ਦੀ ਸ਼ਿਕਾਇਤ 'ਤੇ ਦਰਜ ਕੀਤਾ ਗਿਆ ਹੈ।

ਵੇਰਵੇ ਦਿੰਦਿਆਂ ਉਨ੍ਹਾਂ ਦੱਸਿਆ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਦੋਸ਼ ਲਾਇਆ ਹੈ ਕਿ ਉਕਤ ਪਟਵਾਰੀ ਉਸ ਦੀ ਜ਼ਮੀਨ ਦਾ ਗਵਾਂਢੀ ਨਾਲ ਤਬਾਦਲਾ ਕਰਨ ਅਤੇ ਉਸਦਾ ਇੰਤਕਾਲ ਦਰਜ ਕਰਨ ਬਦਲੇ 30,000 ਰੁਪਏ ਰਿਸ਼ਵਤ ਮੰਗ ਰਿਹਾ ਹੈ ਪਰ ਗੱਲਬਾਤ ਦੌਰਾਨ ਸੌਦਾ 25,000 ਰੁਪਏ ਵਿੱਚ ਤੈਅ ਹੋਇਆ ਹੈ।

ਬੁਲਾਰੇ ਨੇ ਅੱਗੇ ਦੱਸਿਆ ਕਿ ਜਲੰਧਰ ਰੇਂਜ ਦੀ ਵਿਜੀਲੈਂਸ ਯੂਨਿਟ ਨੇ ਸ਼ਿਕਾਇਤ ਵਿੱਚ ਲਗਾਏ ਗਏ ਦੋਸ਼ਾਂ ਦੀ ਪੜਤਾਲ ਕਰਦਿਆਂ ਇੱਕ ਜਾਲ ਵਿਛਾਇਆ ਜਿਸ ਤਹਿਤ ਦੋਸ਼ੀ ਪਟਵਾਰੀ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 25,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ ਅਤੇ ਰਿਸ਼ਵਤ ਦੀ ਰਾਸ਼ੀ ਵੀ ਬਰਾਮਦ ਕਰ ਲਈ।

ਇਸ ਸਬੰਧੀ ਮਾਲ ਮਹਿਕਮੇ ਦੇ ਉਪਰੋਕਤ ਦੋਸ਼ੀ ਕਰਮਚਾਰੀ ਖਿਲਾਫ ਵਿਜੀਲੈਂਸ ਬਿਓਰੋ ਦੇ ਥਾਣਾ ਜਲੰਧਰ ਰੇਂਜ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮੁਕੱਦਮਾ ਦਰਜ ਕੀਤਾ ਗਿਆ ਹੈ। ਉਸ ਨੂੰ ਭਲਕੇ ਅਦਾਲਤ ਵਿੱਚ ਪੇਸ਼ ਕਰਕੇ ਰਿਮਾਂਡ ਦੀ ਮੰਗ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।

# ਵੋਟਾਂ ਨਾਲ ਸਬੰਧਤ ਸੇਵਾਵਾਂ ਦੇਣ ਲਈ 2 ਤੇ 3 ਦਸੰਬਰ ਨੂੰ ਸਮੂਹ ਪੋਲਿੰਗ ਸਟੇਸ਼ਨਾਂ ਤੇ ਲਗਾਏ ਜਾਣਗੇ ਸਪੈਸ਼ਲ ਕੈਂਪ

ਮੋਗਾ, 29 ਨਵੰਬਰ (ਗਿਆਨ ਸਿੰਘ): ਭਾਰਤ ਚੋਣ ਕਮਿਸ਼ਨ ਵੱਲੋਂ ਯੋਗਤਾ ਮਿਤੀ 01.01.2024 ਦੇ ਅਧਾਰ ਤੇ ਵੋਟਰ ਸੂਚੀ ਦੀ ਸਮਰੀ ਰਿਵੀਜ਼ਨ ਦਾ ਪ੍ਰੋਗਰਾਮ ਪੂਰੇ ਪ੍ਰਭਾਵਸ਼ਾਲੀ ਤਰੀਕੇ ਨਾਲ ਜ਼ਿਲ੍ਹਾ ਮੋਗਾ ਵਿੱਚ ਚਲਾਇਆ ਜਾ ਰਿਹਾ ਹੈ। ਇਸ ਤਹਿਤ ਵੋਟਾਂ ਬਣਾਉਣ ਸਬੰਧੀ ਦਾਅਵੇ ਅਤੇ ਇਤਰਾਜ 9 ਦਸੰਬਰ, 2023 ਤੱਕ ਪ੍ਰਾਪਤ ਕੀਤੇ ਜਾ ਰਹੇ ਹਨ।



ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਮੋਗਾ ਸ੍ਰ. ਕੁਲਵੰਤ ਸਿੰਘ ਨੇ ਅੱਜ ਸਮੂਹ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਮੀਟਿੰਗ ਦੀ ਪ੍ਰਧਾਨਗੀ ਕੀਤੀ। ਇਸ ਮੀਟਿੰਗ ਵਿੱਚ ਉਨ੍ਹਾਂ ਨਾਲ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ ਮੋਗਾ ਪ੍ਰਭਦੀਪ ਸਿੰਘ, ਚੋਣ ਤਹਿਸੀਲਦਾਰ ਤਹਿਸੀਲਦਾਰ ਮੋਗਾ ਬਰਜਿੰਦਰ ਸਿੰਘ ਤੋਂ ਇਲਾਵਾ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦੇ ਹਾਜ਼ਰ ਸਨ। ਉਨ੍ਹਾਂ ਮੀਟਿੰਗ ਵਿੱਚ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਵੋਟਰ ਸੂਚੀ ਦੀ ਸਮਰੀ ਰਿਵੀਜ਼ਨ ਲਈ ਚਲਾਏ ਜਾ ਰਹੇ ਪ੍ਰੋਗਰਾਮ ਵਿੱਚ ਬੀ.ਐਲ.ਓਜ਼ ਨੂੰ ਸਾਥ ਦੇਣ ਦੀ ਅਪੀਲ ਕੀਤੀ। ਇਸ ਤੋਂ ਇਲਾਵਾ ਉਨ੍ਹਾਂ ਦੱਸਿਆ ਕਿ ਜੇਕਰ ਕਿਸੇ ਵੀ ਪਾਰਟੀ ਦੇ ਨੁਮਾਇੰਦੇ ਨੂੰ ਇਸ ਸਬੰਧੀ ਕੋਈ ਪ੍ਰੇਸ਼ਾਨੀ ਹੈ ਤਾਂ ਉਹ ਵੀ ਪ੍ਰਸ਼ਾਸ਼ਨ ਦੇ ਧਿਆਨ ਵਿੱਚ ਜਰੂਰਤ ਲਿਆਉਣ ਅਤੇ ਵੱਧ ਤੋਂ ਵੱਧ ਯੋਗ ਉਮੀਦਵਾਰਾਂ ਦੀ ਵੋਟ ਬਣਾਉਣ ਲਈ ਜਾਗਰੂਕਤਾ ਮੁਹਿੰਮ ਵਿੱਚ ਵੀ ਸਾਥ ਦੇਣ।

ਕੁਲਵੰਤ ਸਿੰਘ ਨੇ ਦੱਸਿਆ ਕਿ 2 ਦਸੰਬਰ ਤੇ 3 ਦਸੰਬਰ, 2023, ਸ਼ਨੀਵਾਰ ਤੇ ਐਤਵਾਰ ਨੂੰ ਸਮੂਹ ਪੋਲਿੰਗ ਸਟੇਸ਼ਨਾਂ ਉੱਪਰ ਸਪੈਸ਼ਲ ਕੈਂਪ ਲਗਾਏ ਜਾ ਰਹੇ ਹਨ ਤਾਂ ਕਿ ਵੱਧ ਤੋਂ ਵੱਧ ਯੋਗ ਨਾਗਰਿਕ ਵੋਟਾਂ ਨਾਲ ਸਬੰਧਤ ਸੇਵਾਵਾਂ ਆਪਣੇ ਘਰਾਂ ਦੇ ਨਜ਼ਦੀਕ ਪ੍ਰਾਪਤ ਕਰ ਸਕਣ ਅਤੇ ਵੋਟਰ ਸੂਚੀ ਨੂੰ ਤਰੁੱਟੀ ਰਹਿਤ ਬਣਾਇਆ ਜਾ ਸਕੇ। ਉਨ੍ਹਾਂ ਦੱਸਿਆ ਕਿ ਇਨ੍ਹਾਂ ਸਪੈਸ਼ਲ ਕੈਂਪਾਂ ਦੌਰਾਨ ਬੀ.ਐਲ.ਓਜ਼ ਆਪਣੇ-ਆਪਣੇ ਪੋਲਿੰਗ ਸਟੇਸ਼ਨਾਂ ਤੇ ਸਵੇਰੇ 10 ਵਜੇ ਤੋਂ ਸ਼ਾਮ 5 ਵਜੇ ਤੱਕ ਬੈਠਣਗੇ ਅਤੇ ਆਮ ਜਨਤਾ ਤੋਂ ਫਾਰਮ ਪ੍ਰਾਪਤ ਕਰਨਗੇ। ਇਸ ਲਈ ਇਨਾਂ ਮਿਤੀਆਂ ਨੂੰ ਉਮੀਦਵਾਰ ਆਪਣੇ ਘਰ ਦੇ ਨੇੜੇ ਦੇ ਪੋਲਿੰਗ ਸਟੇਸ਼ਨ ਤੇ ਜਾ ਕੇ ਆਪਣੇ ਬੂਥ ਲੈਵਲ ਅਫ਼ਸਰ ਪਾਸ ਵੋਟ ਬਣਾਉਣ ਲਈ ਫਾਰਮ ਨੰਬਰ 6 ਅਤੇ ਵੋਟ ਕਟਵਾਉਣ ਲਈ ਫਾਰਮ ਨੰਬਰ 7 ਅਤੇ ਕਿਸੇ ਕਿਸਮ ਦੀ ਸੋਧ ਕਰਵਾਉਣ ਲਈ ਜਾਂ ਇੱਕ ਪੋਲਿੰਗ ਸਟੇਸ਼ਨ ਤੋਂ ਦੂਸਰੇ ਪੋਲਿੰਗ ਸਟੇਸ਼ਨ ਵਿੱਚ ਵੋਟ ਟਰਾਂਸਫਰ ਕਰਨ ਲਈ ਫਾਰਮ ਨੰਬਰ 8 ਭਰਕੇ ਦੇ ਸਕਦਾ ਹੈ। ਉਨ੍ਹਾਂ ਦੱਸਿਆ ਕਿ ਇਹ ਵੋਟਰ ਸੂਚੀ ਅਗਾਮੀ ਲੋਕ ਸਭਾ ਚੋਣਾਂ-2024 ਵਿੱਚ ਵਰਤੀ ਜਾਵੇਗੀ ਇਸ ਲਈ ਹਰੇਕ ਵੋਟਰ ਆਪਣਾ ਨਾਮ ਵੋਟਰ ਸੂਚੀ ਵਿੱਚ ਜਰੂਰ ਚੈਕ ਕਰੇ ਤਾਂ ਜੋ ਵੋਟਾਂ ਵਾਲੇ ਦਿਨ ਉਸ ਨੂੰ ਪੋਲਿੰਗ ਸਟੇਸ਼ਨ ਤੇ ਕਿਸੇ ਕਿਸਮ ਦੀ ਦਿੱਕਤ ਪੇਸ਼ ਨਾ ਆਵੇ।

ਉਨਾਂ ਦੱਸਿਆ ਕਿ ਇਸ ਤੋਂ ਇਲਾਵਾ ਭਾਰਤ ਚੋਣ ਕਮਿਸ਼ਨ ਦੀ ਵੈੱਬਸਾਈਟ https://voters.eci.gov.in/ ਅਤੇ ਗੂਗਲ ਪਲੇ ਸਟੋਰ ਤੋਂ ਵੋਟਰ ਹੈਲਪਲਾਈਨ ਐਪ ਡਾਊਨਲੋਡ ਕਰਕੇ ਇਹ ਫਾਰਮ ਆਨਲਾਈਨ ਵੀ ਭਰ ਸਕਦੇ ਹੋ। ਜੇਕਰ ਫਿਰ ਵੀ ਕਿਸੇ ਕਿਸਮ ਦੀ ਪ੍ਰੇਸ਼ਾਨੀ ਆਉਂਦੀ ਹੈ ਤਾਂ 1950 ਟੋਲ ਫ੍ਰੀ ਨੰਬਰ ਤੇ ਮੁਫ਼ਤ ਕਾਲ ਕਰਕੇ ਜਾਣਕਾਰੀ ਪ੍ਰਾਪਤ ਕੀਤੀ ਜਾ ਸਕਦੀ ਹੈ।




ਕੈਨੇਡੀਅਨ ਪੰਜਾਬੀ ਪੋਸਟ — Award winning news paper | Canadian Punjabi Post

# CLASSIFIEDS

Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ ਕਾਲ ਕਰੋ: 905-793-2202

## ਲੜਕੀ ਦੀ ਲੋੜ

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ।
ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ 'ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ।
ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ।
ਸੰਪਰਕ : 647-948-8474 647-670-8013

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5'11" ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ।ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ।ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661

## ਲੜਕੇ ਦੀ ਲੋੜ

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4'' tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090,
ਈਮੇਲ- Singhmanmohan2006@gmail.com

## ਲੜਕੇ ਦੀ ਲੋੜ

ਗਿੱਲ ਜੱਟ ਸਿੱਖ, 1992, ਇਕਲੌਤੀ, B.Tech. ਲੜਕੀ ਲਈ ਗੁਰਸਿੱਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁੱਟ 4", ਬੀ.ਏ ਪਾਸ, ਹੇਅਰ ਐਂਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ 'ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈੱਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ 'ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com












# ਕੀ ਆਰਟੀਫਿਸ਼ੀਅਲ ਇੰਟੈਲੀਜੈਂਸ ਮਨੁੱਖਤਾ ਲਈ ਖ਼ਤਰਾ ਹੈ ?

-ਵਿਜੈ ਗਰਗ-

ਜੇ ਤੁਸੀਂ ਆਰਟੀਫਿਸ਼ੀਅਲ ਇੰਟੈਲੀਜੈਂਸ 'ਤੇ ਲੇਖਾਂ ਨਾਲ ਨਹੀਂ ਡੁੱਬੇ ਹੋ, ਤਾਂ ਤੁਸੀਂ ਸ਼ਾਇਦ ਇੱਕ ਚੱਟਾਨ ਦੇ ਹੇਠਾਂ ਰਹਿ ਰਹੇ ਹੋ। ਇਹਨਾਂ ਵਿੱਚੋਂ ਕਈ ਲੇਖ ਮਨੁੱਖਜਾਤੀ ਨੂੰ ਸੰਭਾਲਣ ਵਾਲੀਆਂ ਮਸ਼ੀਨਾਂ ਦੇ ਅਧਾਰ ਤੇ ਇੱਕ ਡਾਇਸਟੋਪੀਅਨ ਭਵਿੱਖ ਦੀਆਂ ਤਸਵੀਰਾਂ ਉਭਾਰਦੇ ਹਨ। ਜੇ ਤੁਸੀਂ ਮਨੁੱਖਜਾਤੀ ਦੀ ਉਡੀਕ ਕਰ ਰਹੇ ਭਵਿੱਖ ਬਾਰੇ ਕਾਫ਼ੀ ਚਿੰਤਤ ਹੋ, ਤਾਂ ਮੈਨੂੰ ਅਲ ਕੀ ਹੈ ਅਤੇ ਕੀ ਨਹੀਂ ਹੈ, ਅਤੇ ਇਹ ਆਉਣ ਵਾਲੇ ਭਵਿੱਖ ਵਿੱਚ ਸਾਡੇ ਸੰਸਾਰ ਨੂੰ ਕਿਵੇਂ ਆਕਾਰ ਦੇ ਸਕਦਾ ਹੈ, ਇਸ ਬਾਰੇ ਆਪਣਾ ਵਿਸ਼ਲੇਸ਼ਣ ਪੇਸ਼ ਕਰਨ ਦੀ ਕੋਸ਼ਿਸ਼ ਕਰਨ ਦਿਓ। ਅਲ ਇੱਕ ਤਾਜ਼ਾ ਵਰਤਾਰਾ ਨਹੀਂ ਹੈ, ਹਾਲਾਂਕਿ ਇਸਨੇ ਖਾਸ ਹਾਰਡਵੇਅਰ ਅਤੇ ਸੌਫਟਵੇਅਰ ਜਿਵੇਂ ਕਿ ਚੈਟਜੀਪੀਟੀ ਦੇ ਰੂਪ ਵਿੱਚ ਦੇਰ ਨਾਲ ਵੱਡੀ ਮੁਦਰਾ ਮੰਨ ਲਈ ਹੈ। ਇਹ ਸ਼ਬਦ ਪਹਿਲੀ ਵਾਰ 1956 ਵਿੱਚ ਸਟੈਨਫੋਰਡ ਯੂਨੀਵਰਸਿਟੀ ਦੇ ਇੱਕ ਕੰਪਿਊਟਰ ਵਿਗਿਆਨੀ ਜੌਹਨ ਮੈਕਕਾਰਥੀ ਦੁਆਰਾ ਤਿਆਰ ਕੀਤਾ ਗਿਆ ਸੀ। ਉਸਨੇ ਇਸਨੂੰ "ਬੁੱਧੀਮਾਨ ਮਸ਼ੀਨਾਂ ਬਣਾਉਣ ਦਾ ਵਿਗਿਆਨ ਅਤੇ ਇੰਜੀਨੀਅਰਿੰਗ" ਵਜੋਂ ਪਰਿਭਾਸ਼ਿਤ ਕੀਤਾ। ਉਦੋਂ ਤੋਂ, ਬਹੁਤ ਸਾਰੇ ਵਿਗਿਆਨੀਆਂ ਅਤੇ ਇੰਜੀਨੀਅਰਾਂ ਨੇ ਇਸ ਖੇਤਰ ਵਿੱਚ ਕੰਮ ਕੀਤਾ ਹੈ ਅਤੇ ਅਸੀਂ ਖੋਜ ਲਈ ਫੰਡਾਂ ਦੀ ਘਾਟ ਕਾਰਨ ਬਹੁਤ ਸਾਰੀਆਂ ਰੁਝੇਵਿਆਂ ਦੇ ਨਾਲ-ਨਾਲ ਸੁੱਕੇ ਸਪੈਲ ਦੇਖੇ ਹਨ। ਦੂਸਰਾ ਸ਼ਬਦ ਜੋ ਮੈਂ ਸੰਖੇਪ ਵਿੱਚ ਪੇਸ਼ ਕਰਨਾ ਚਾਹੁੰਦਾ ਹਾਂ ਉਹ ਟਿਊਰਿੰਗ ਟੈਸਟ ਹੈ, ਜਿਸਦਾ ਨਾਮ ਐਲਨ ਟਿਊਰਿੰਗ ਦੇ ਨਾਮ ਤੇ ਰੱਖਿਆ ਗਿਆ ਹੈ, ਜਿਸ ਨੇ ਇਹ ਮੰਨਿਆ ਹੈ ਕਿ ਜੇਕਰ ਕੋਈ ਮਸ਼ੀਨ ਇੱਕ ਮਸ਼ੀਨ ਵਜੋਂ ਖੋਜੇ ਬਿਨਾਂ ਮਨੁੱਖ ਨਾਲ ਗੱਲਬਾਤ ਵਿੱਚ ਸ਼ਾਮਲ ਹੋ ਸਕਦੀ ਹੈ, ਤਾਂ ਇਸ ਨੇ ਮਨੁੱਖੀ ਬੁੱਧੀ ਦਾ ਪ੍ਰਦਰਸ਼ਨ ਕੀਤਾ ਹੈ। ਅਲੈਕਸਾ ਵਰਗੇ ਯੰਤਰਾਂ ਅਤੇ ਸਾਫਟਵੇਅਰ ਜਿਵੇਂ ਕਿ ਚੈਟਜੀਪੀਟੀ ਦਾ ਵਿਕਾਸ ਸੰਭਵ ਤੌਰ 'ਤੇ ਟਿਊਰਿੰਗ ਟੈਸਟ ਦੇ ਮਾਪਦੰਡਾਂ ਨੂੰ ਪੂਰਾ ਕਰਨ ਦੀ ਕੋਸ਼ਿਸ਼ ਕਰ ਰਹੇ ਖੋਜਕਰਤਾਵਾਂ ਦਾ ਨਤੀਜਾ ਹੈ। ਪਹਿਲਾਂ, ਅਲ ਦੀ ਥੋੜ੍ਹੀ ਜਿਹੀ ਸਮਝ ਕ੍ਰਮ ਵਿੱਚ ਹੈ. ਅਲ, ਇਸਦੇ ਮੌਜੂਦਾ ਅਵਤਾਰ ਵਿੱਚ, ਵਧੀਆ ਪੈਟਰਨ ਮਾਨਤਾ ਤੋਂ ਵੱਧ ਕੁਝ ਨਹੀਂ ਹੈ। ਪ੍ਰੋਗਰਾਮ ਉਪਭੋਗਤਾ ਵਿਵਹਾਰ ਵਿੱਚ, ਭਾਸ਼ਣ ਵਿੱਚ, ਟੈਕਸਟ ਵਿੱਚ, ਫੋਟੋਆਂ ਵਿੱਚ, ਮੈਡੀਕਲ ਡਾਇਗਨੌਸਟਿਕ ਸਕੈਨ ਆਦਿ ਵਿੱਚ ਪੈਟਰਨਾਂ ਦੀ ਖੋਜ ਕਰਦੇ ਹਨ। ਸੌਫਟਵੇਅਰ ਸ਼ਬਦਾਂ, ਤਸਵੀਰਾਂ, ਨੰਬਰਾਂ ਅਤੇ ਸਕੈਨਾਂ ਦੇ ਇੱਕ ਬਹੁਤ ਵੱਡੇ ਡੇਟਾਬੇਸ ਦੀ ਵਰਤੋਂ ਕਰਕੇ ਪੈਟਰਨਾਂ ਦੀ ਪਛਾਣ ਕਰਨ ਲਈ "ਸਿਖਿਅਤ" ਹੈ। ਉਦਾਹਰਨ ਲਈ, ਜੇਕਰ ਕੋਈ ਗਾਹਕ ਨਿਯਮਿਤ ਤੌਰ 'ਤੇ ਕਿਸੇ ਰਿਟੇਲ ਆਊਟਲੈਟ ਤੋਂ ਕੁਝ ਉਤਪਾਦ ਖਰੀਦਣ ਦਾ ਰੁਝਾਨ ਰੱਖਦਾ ਹੈ, ਤਾਂ ਏਆਈ ਇਸ ਖਰੀਦਦਾਰੀ ਪੈਟਰਨ ਦਾ ਪਤਾ ਲਗਾਉਣ ਦੇ ਯੋਗ ਹੋਵੇਗਾ ਅਤੇ ਗਾਹਕ ਨੂੰ ਉਸਦੀਆਂ ਤਰਜੀਹਾਂ ਨਾਲ ਮੇਲ ਖਾਂਦੀਆਂ ਕਸਟਮਾਈਜ਼ ਮੇਲਿੰਗ/ਇਸ਼ਤਿਹਾਰ ਭੇਜੇ ਜਾ ਸਕਦੇ ਹਨ। ਜਦੋਂ ਚਿਹਰੇ ਦੀ ਪਛਾਣ ਦੀ ਗੱਲ ਆਉਂਦੀ ਹੈ, ਤਾਂ ਤਸਵੀਰ ਨੂੰ ਕਈ ਬਿੰਦੀਆਂ ਜਾਂ ਪਿਕਸਲਾਂ ਵਿੱਚ ਵੰਡਿਆ ਜਾਂਦਾ ਹੈ। ਸਾਫਟਵੇਅਰ ਪੈਟਰਨਾਂ ਨੂੰ ਨਿਰਧਾਰਤ ਕਰਨ ਲਈ ਪਿਕਸਲਾਂ ਦਾ ਵਿਸ਼ਲੇਸ਼ਣ ਕਰਦਾ ਹੈ ਜੋ ਚਿਹਰੇ ਦੀਆਂ ਵਿਸ਼ੇਸ਼ਤਾਵਾਂ ਬਾਰੇ ਜਾਣਕਾਰੀ ਦਿੰਦੇ ਹਨ। ਫਿਰ ਸੌਫਟਵੇਅਰ ਉਸ ਪੈਟਰਨ ਦੀ ਤੁਲਨਾ ਕਰੇਗਾ ਜਿਸ 'ਤੇ ਇਸ ਨੂੰ ਸਿਖਲਾਈ ਦਿੱਤੀ ਗਈ ਹੈ, ਇਹ ਨਿਰਧਾਰਤ ਕਰਨ ਲਈ ਕਿ ਕੀ ਦੋ ਤਸਵੀਰਾਂ ਇੱਕੋ ਵਿਅਕਤੀ ਦੀਆਂ ਹਨ। ਅਲ ਦੁਆਰਾ ਵਿਕਸਤ ਕੀਤੇ ਜਵਾਬਾਂ ਦੀ ਸ਼ੁੱਧਤਾ, ਜਾਂ ਸ਼ੁੱਧਤਾ ਇਸ ਨੂੰ ਸਿਖਲਾਈ ਦੇਣ ਲਈ ਵਰਤੇ ਗਏ ਡੇਟਾ 'ਤੇ ਨਿਰਭਰ ਕਰਦੀ ਹੈ। ਸਿਖਲਾਈ ਸੌਫਟਵੇਅਰ ਵਿੱਚ ਵੱਡੀ ਮਾਤਰਾ ਵਿੱਚ ਡੇਟਾ ਫੀਡ ਕਰਕੇ ਕੀਤੀ ਜਾਂਦੀ ਹੈ, ਫਿਰ ਸੌਫਟਵੇਅਰ ਨੂੰ ਪੁੱਛੇ ਜਾਣ ਵਾਲੇ ਸਵਾਲ ਦਾ ਜਵਾਬ ਦੇਣ ਦਿਓ। ਜਵਾਬ ਦੀ ਸ਼ੁੱਧਤਾ ਬਾਰੇ ਮਨੁੱਖੀ ਫੀਡਬੈਕ ਪ੍ਰਦਾਨ ਕਰਕੇ, ਸੌਫਟਵੇਅਰ "ਸਿਖਿਅਤ" ਹੋ ਜਾਂਦਾ ਹੈ ਤਾਂ ਜੋ ਇਹ ਆਪਣੀ ਅਗਲੀ ਕੋਸ਼ਿਸ਼ 'ਤੇ ਪੈਟਰਨ ਨੂੰ ਸਮਝਣ ਦੀ ਆਪਣੀ ਯੋਗਤਾ ਵਿੱਚ ਸੁਧਾਰ ਕਰ ਸਕੇ। ਸਿਖਲਾਈ ਵਿੱਚ ਵਰਤੇ ਗਏ ਡੇਟਾ ਵਿੱਚ ਪਾੜੇ ਅਤੇ ਕਮੀਆਂ ਕਾਰਨ ਅਲ ਦੁਆਰਾ ਗਲਤੀਆਂ ਕਰਨ ਦੇ ਕਾਫ਼ੀ ਸਬੂਤ ਹਨ। ਇਹ ਗਲਤੀਆਂ ਯੂਐਸ ਵਿੱਚ ਚਿਹਰੇ ਦੀ ਪਛਾਣ ਵਿੱਚ ਹੋਈਆਂ ਹਨ ਜਿੱਥੇ ਪ੍ਰੋਗਰਾਮ ਨੇ ਇੱਕ ਵਿਅਕਤੀ ਦੀ ਗਲਤੀ ਨਾਲ ਉਸ ਦੁਆਰਾ ਕੀਤੇ ਗਏ ਅਪਰਾਧ ਵਿੱਚ ਸ਼ੱਕੀ ਵਜੋਂ ਪਛਾਣ ਕੀਤੀ ਹੈ। ਅਲ ਪ੍ਰੋਗਰਾਮਾਂ ਦੀਆਂ ਕਈ ਉਦਾਹਰਣਾਂ ਹਨ ਜੋ ਨਸਲ, ਲਿੰਗ, ਉਮਰ, ਆਦਿ ਦੇ ਅਧਾਰ ਤੇ ਸਪਸ਼ਟ ਪੱਖਪਾਤ ਦਿਖਾਉਂਦੇ ਹਨ ਜਦੋਂ ਸਾਫਟਵੇਅਰ ਨੂੰ ਸਿਖਲਾਈ ਦੇਣ ਲਈ ਵਰਤਿਆ ਜਾਣ ਵਾਲਾ ਡੇਟਾਬੇਸ ਘਾਟ ਜਾਂ ਪੱਖਪਾਤੀ ਸੀ। ਸਾਫਟਵੇਅਰ ਦੀ ਸੂਝ-ਬੂਝ ਦੇ ਬਾਵਜੂਦ, ਉਨ੍ਹਾਂ ਵਿੱਚੋਂ ਕੋਈ ਵੀ 100% ਭਰੋਸੇਯੋਗ ਨਹੀਂ ਹੈ। ਕੁਝ ਲੋਕ ਕਹਿ ਸਕਦੇ ਹਨ ਕਿ ਨਾ ਹੀ ਇਨਸਾਨ ਹਨ। ਇੱਕ ਸੌਫਟਵੇਅਰ ਨੂੰ ਫੈਸਲੇ ਲੈਣ ਦੇਣ ਵਿੱਚ ਦੋ ਵੱਡੇ ਖ਼ਤਰੇ ਹਨ। ਪਹਿਲਾਂ, ਜ਼ਿਆਦਾਤਰ ਅਲ ਸਾਫਟਵੇਅਰ ਬਲੈਕ ਬਾਕਸ ਵਾਂਗ ਹੁੰਦੇ ਹਨ। ਪ੍ਰੋਗਰਾਮ ਦੁਆਰਾ ਵਰਤੇ ਗਏ ਤਰਕ 'ਤੇ ਸਵਾਲ ਕਰਨਾ ਸੰਭਵ ਨਹੀਂ ਹੈ। ਇਹ ਕਰਦਾ ਹੈਸਾਨੂੰ ਇੱਕ ਆਡਿਟਟਰੇਲ ਦੀ ਇਜਾਜ਼ਤ ਨਾ ਦਿਓ। ਦੂਜਾ, ਲੋਕ ਸਾਫਟਵੇਅਰ ਤੋਂ ਆਉਟਪੁੱਟ ਵਿੱਚ ਬਹੁਤ ਵਿਸ਼ਵਾਸ ਰੱਖਦੇ ਹਨ ਅਤੇ ਇਸ 'ਤੇ ਸਵਾਲ ਨਹੀਂ ਕਰਦੇ, ਇਹ ਮੰਨਦੇ ਹੋਏ ਕਿ ਕੰਪਿਊਟਰ ਮਨੁੱਖਾਂ ਵਾਂਗ ਗਲਤੀਆਂ ਨਹੀਂ ਕਰ ਸਕਦੇ ਹਨ। ਪਰ ਜਿਵੇਂ ਕਿ ਮੈਂ ਦੱਸਿਆ ਹੈ, ਇੱਥੇ ਕਈ ਉਦਾਹਰਣਾਂ ਹਨ ਜਿੱਥੇ ਅਲ ਨੇ ਇੱਕ ਗਲਤੀ ਕੀਤੀ ਹੈ. ਕਿਸੇ ਸਮੁੱਚੇ ਮਨੁੱਖੀ ਕਾਰਜ ਦੀ ਜ਼ਿੰਮੇਵਾਰੀ ਪੂਰੀ ਤਰ੍ਹਾਂ ਕੰਪਿਊਟਰ ਪ੍ਰੋਗਰਾਮ ਨੂੰ ਸੌਂਪਣਾ ਗਲਤ ਹੋਵੇਗਾ, ਖਾਸ ਕਰਕੇ ਜਦੋਂ ਸਾਨੂੰ ਪ੍ਰੋਗਰਾਮ ਦੀ ਭਰੋਸੇਯੋਗਤਾ ਬਾਰੇ ਯਕੀਨ ਨਹੀਂ ਹੁੰਦਾ। ਜੇ ਗਲਤੀ ਦਾ ਨਤੀਜਾ ਇੱਕ ਵਿਅਕਤੀ ਦੇ ਗਲਤ ਵਿਸ਼ਵਾਸ ਵਿੱਚ ਹੁੰਦਾ ਹੈ, ਤਾਂ ਇਸਦੇ ਨਤੀਜੇ ਮਨੁੱਖੀ ਦ੍ਰਿਸ਼ਟੀਕੋਣ ਤੋਂ ਬਹੁਤ ਵੱਡੇ ਹੁੰਦੇ ਹਨ। ਜੋ ਅਸੀਂ ਕਰ ਸਕਦੇ ਹਾਂ, ਅਤੇ ਸ਼ਾਇਦ ਕਰਨਾ ਚਾਹੀਦਾ ਹੈ, ਉਹ ਹੈ ਮਨੁੱਖੀ ਕਾਰਜ ਦੇ ਦੁਹਰਾਉਣ ਵਾਲੇ ਹਿੱਸੇ ਨੂੰ ਸਵੈਚਾਲਤ ਕਰਨਾ। ਇਹ ਮਨੁੱਖ ਨੂੰ ਇੰਪੁੱਟ ਪ੍ਰਦਾਨ ਕਰਕੇ ਵਧੇਰੇ ਮੁੱਲ ਜੋੜਨ ਲਈ ਮੁਕਤ ਕਰੇਗਾ ਜੋ ਕੰਪਿਊਟਰ ਨਹੀਂ ਕਰ ਸਕਦੇ। ਇਸ ਦੀ ਇੱਕ ਚੰਗੀ ਉਦਾਹਰਣ ਹਵਾਈ ਜਹਾਜ਼ਾਂ ਵਿੱਚ ਆਟੋ ਪਾਇਲਟ ਦੀ ਵਰਤੋਂ ਹੈ। ਹਵਾਈ ਜਹਾਜ਼ ਨੂੰ ਉਡਾਉਣ ਦਾ ਸਭ ਤੋਂ ਲੰਬਾ, ਅਤੇ ਸਭ ਤੋਂ ਬੋਰਿੰਗ ਹਿੱਸਾ ਉਦੋਂ ਹੁੰਦਾ ਹੈ ਜਦੋਂ ਇਹ ਆਪਣੀ ਕਰੂਜ਼ਿੰਗ ਉਚਾਈ 'ਤੇ ਉੱਡ ਰਿਹਾ ਹੁੰਦਾ ਹੈ। ਇਹ ਟੇਕ-ਆਫ ਅਤੇ ਲੈਂਡਿੰਗ ਹੈ ਜਿਸ ਲਈ ਮਨੁੱਖੀ ਪਾਇਲਟ ਦੀ ਮੁਹਾਰਤ ਦੀ ਲੋੜ ਹੁੰਦੀ ਹੈ। ਇਸ ਲਈ, ਇੱਕ ਜਹਾਜ਼ ਨੂੰ ਕਰੂਜ਼ਿੰਗ ਉਚਾਈ 'ਤੇ ਆਟੋ ਪਾਇਲਟ 'ਤੇ ਰੱਖਿਆ ਜਾ ਸਕਦਾ ਹੈ ਕਿਉਂਕਿ ਪਾਇਲਟ ਦੁਆਰਾ ਲਗਾਤਾਰ ਧਿਆਨ ਦੇਣ ਦੀ ਲੋੜ ਨਹੀਂ ਹੁੰਦੀ ਹੈ। ਪਰ ਅਸੀਂ ਪਾਇਲਟ ਨੂੰ ਖਤਮ ਨਹੀਂ ਕਰਦੇ. ਅਸੀਂ ਆਟੋ ਪਾਇਲਟ ਨੂੰ ਲੰਬੀ ਦੂਰੀ ਦੀ ਉਡਾਣ ਵਿੱਚ ਤਣਾਅ ਤੋਂ ਮੁਕਤ ਕਰਨ ਦਿੰਦੇ ਹਾਂ। ਜੇਕਰ ਸਥਿਤੀ ਇਸਦੀ ਮੰਗ ਕਰਦੀ ਹੈ ਤਾਂ ਪਾਇਲਟ ਆਟੋ ਪਾਇਲਟ ਨੂੰ ਓਵਰਰਾਈਡ ਕਰ ਸਕਦਾ ਹੈ। ਕਿਸੇ ਵੀ ਤਕਨੀਕੀ ਵਿਕਾਸ ਕਾਰਨ ਮਨੁੱਖੀ ਕਿਰਤ ਵਿੱਚ ਕਮੀ ਆਈ ਹੈ। ਭਾਵੇਂ ਇਹ ਭਾਫ਼ ਇੰਜਣ ਸੀ, ਟਰੈਕਟਰ, ਆਟੋਮੋਬਾਈਲ, ਜਾਂ ਇੱਥੋਂ ਤੱਕ ਕਿ ਕੰਪਿਊਟਰ ਵੀ। ਹਰੇਕ ਨਵੀਨਤਾ ਦੇ ਨਤੀਜੇ ਵਜੋਂ ਦੁਹਰਾਉਣ ਵਾਲੇ ਮਨੁੱਖੀ ਕੰਮਾਂ ਦੀ ਔਕੜ ਨੂੰ ਖਤਮ ਕੀਤਾ ਗਿਆ ਹੈ, ਭਾਵੇਂ ਉਹ ਸਰੀਰਕ ਹੋਵੇ ਜਾਂ ਮਾਨਸਿਕ। 1870 ਵਿੱਚ, ਖੇਤੀਬਾੜੀ ਕਾਮਿਆਂ ਵਿੱਚ ਅਮਰੀਕਾ ਦੇ ਸਾਰੇ ਕਾਮਿਆਂ ਵਿੱਚੋਂ ਅੱਧੇ ਸਨ; 1900 ਵਿੱਚ, ਸਾਰੇ ਕਾਮਿਆਂ ਦਾ ਲਗਭਗ ਇੱਕ ਤਿਹਾਈ; ਅਤੇ 1950 ਵਿੱਚ, ਸਾਰੇ ਕਾਮਿਆਂ ਦੇ ਪੰਜਵੇਂ ਹਿੱਸੇ ਤੋਂ ਵੀ ਘੱਟ। ਅੱਜ ਖੇਤੀਬਾੜੀ ਕਾਮਿਆਂ ਦੀ ਗਿਣਤੀ ਸਾਰੇ ਮਜ਼ਦੂਰਾਂ ਦੇ ਲਗਭਗ ਇੱਕ ਪ੍ਰਤੀਸ਼ਤ ਹੈ। ਇਸ ਕਟੌਤੀ ਦਾ ਕਾਰਨ ਇਸ ਸਮੇਂ ਦੌਰਾਨ ਮਸ਼ੀਨੀਕਰਨ ਅਤੇ ਖੇਤ ਦੇ ਆਕਾਰ ਵਿੱਚ ਵਾਧਾ ਹੈ। ਸਵਾਲ ਜੋ ਪੁੱਛਿਆ ਜਾਣਾ ਚਾਹੀਦਾ ਹੈ ਉਹ ਇਹ ਨਹੀਂ ਹੈ ਕਿ ਕੀ ਤਕਨਾਲੋਜੀ ਨੇ ਲੋਕਾਂ ਨੂੰ ਉਜਾੜਿਆ ਹੈ; ਇਹ ਜ਼ਰੂਰ ਕੀਤਾ. ਇਸ ਦੀ ਬਜਾਏ ਸਾਨੂੰ ਇਹ ਪੁੱਛਣਾ ਚਾਹੀਦਾ ਹੈ ਕਿ ਕੀ ਲੋਕ ਅੱਜ ਮਸ਼ੀਨਾਂ ਦੁਆਰਾ ਕੀਤੇ ਜਾ ਰਹੇ ਕੰਮ ਨੂੰ ਕਰਨਾ ਪਸੰਦ ਕਰਨਗੇ ਜਿਸ ਲਈ ਖਪਤਕਾਰ ਇਸਦਾ ਭੁਗਤਾਨ ਕਰਨ ਲਈ ਤਿਆਰ ਹੋਣਗੇ? ਜਵਾਬ, ਦਲੀਲ ਨਾਲ, ਇੱਕ ਨਹੀਂ ਹੋਵੇਗਾ। ਇਸੇ ਤਰ੍ਹਾਂ ਦੇ ਹਾਲਾਤ ਗੈਰ-ਭੌਤਿਕ ਕੰਮ ਦੀਆਂ ਸਥਿਤੀਆਂ ਜਿਵੇਂ ਕਿ ਗਣਨਾ, ਲੇਖਾ, ਆਦਿ ਵਿੱਚ ਦੇਖੇ ਗਏ ਹਨ, ਜਿੱਥੇ ਕੰਪਿਊਟਰਾਂ ਨੇ ਪ੍ਰਭਾਵਸ਼ਾਲੀ ਢੰਗ ਨਾਲ ਮਨੁੱਖਾਂ ਦੀ ਥਾਂ ਲੈ ਲਈ ਹੈ, ਅਤੇ ਸਹੀ ਵੀ। ਅੱਜ ਕਿੰਨੇ ਲੋਕ ਸਾਰਾ ਦਿਨ ਨੰਬਰ ਜੋੜਨ ਦਾ ਆਨੰਦ ਲੈਣਗੇ? ਇੱਥੇ ਬਹੁਤ ਸਾਰੀਆਂ ਮਨੁੱਖੀ ਨੌਕਰੀਆਂ ਹਨ ਜੋ ਆਟੋਮੇਸ਼ਨ ਲਈ ਪੱਕੀਆਂ ਹਨ। ਭਾਰਤ ਵਿੱਚ ਸਭ ਤੋਂ ਬਦਨਾਮ ਅਤੇ ਖ਼ਤਰਨਾਕ ਨੌਕਰੀਆਂ ਵਿੱਚੋਂ ਇੱਕ ਹੈ ਹੱਥੀਂ ਮੈਲਾ ਕਰਨਾ। ਕੀ ਇੱਕ ਅਲ-ਪਾਵਰਡ ਹੱਲ ਮੌਤ ਦੇ ਖਤਰੇ ਨੂੰ ਖਤਮ ਕਰਨ ਦਾ ਇੱਕ ਵਧੀਆ ਤਰੀਕਾ ਨਹੀਂ ਹੋਵੇਗਾ ਜਿਸਦਾ ਅੱਜ ਹੱਥੀਂ ਮੈਲਾ ਕਰਨ ਵਾਲੇ ਲੋਕਾਂ ਨੂੰ ਸਾਹਮਣਾ ਕਰਨਾ ਪੈਂਦਾ ਹੈ। ਇਸ ਤਰ੍ਹਾਂ ਦੇ ਹੋਰ ਵੀ ਕਈ ਕੰਮ ਹੋ ਸਕਦੇ ਹਨ ਜੋ ਮਨੁੱਖ ਨੂੰ ਨਹੀਂ ਕਰਨੇ ਚਾਹੀਦੇ। ਜਾਪਾਨੀ ਕੰਪਨੀਆਂ, ਜਿਵੇਂ ਕਿ ਟੋਇਟਾ, ਇਹ ਨਿਯਮ ਵਰਤਦੀਆਂ ਹਨ ਜੇਕਰ ਕੋਈ ਕੰਮ ਗੰਦਾ, ਮੁਸ਼ਕਲ ਜਾਂ ਖਤਰਨਾਕ ਹੈ, ਤਾਂ ਇਹ ਆਟੋਮੇਸ਼ਨ ਲਈ ਇੱਕ ਚੰਗਾ ਉਮੀਦਵਾਰ ਹੈ। ਇਸ ਸੂਚੀ ਵਿੱਚ ਅਸੀਂ ਬੋਰਿੰਗ ਅਤੇ ਦੁਹਰਾਉਣ ਵਾਲੇ ਵੀ ਸ਼ਾਮਲ ਕਰ ਸਕਦੇ ਹਾਂ, ਬਿਨਾਂ ਕਿਸੇ ਮੁੱਲ ਦੇ। ਸਿੱਟੇ ਵਜੋਂ, ਮੈਂ ਮਹਿਸੂਸ ਕਰਦਾ ਹਾਂ ਕਿ ਅਲ ਨਾਲ ਸੰਬੰਧਿਤ ਹਾਈਪ ਅਤੇ ਡਰ ਦੋਵੇਂ ਬਹੁਤ ਜ਼ਿਆਦਾ ਹਨ. ਜੇ ਅਲ ਦਾ ਟੈਸਟ ਇਹ ਹੈ ਕਿ ਇਹ ਮਨੁੱਖ ਦੀ ਨਕਲ ਕਰਨ ਦੇ ਯੋਗ ਹੋਣਾ ਚਾਹੀਦਾ ਹੈ, ਤਾਂ ਸਾਨੂੰ ਇਹ ਯਾਦ ਰੱਖਣਾ ਚਾਹੀਦਾ ਹੈ ਕਿ ਇਨਸਾਨ ਗਲਤੀਆਂ ਕਰ ਸਕਦੇ ਹਨ ਅਤੇ ਕੰਪਿਊਟਰ ਨਹੀਂ ਕਰ ਸਕਦੇ। ਉਸੇ ਸਮੇਂ ਮਨੁੱਖ ਇੱਕ ਮੌਕਾ ਅਸਫਲਤਾ ਜਾਂ ਗਲਤੀ ਦਾ ਪਤਾ ਲਗਾ ਸਕਦਾ ਹੈ, ਜਿਵੇਂ ਕਿ ਪੈਨਿਸਿਲਿਨ ਦੀ ਖੋਜ. ਇੱਕ ਕੰਪਿਊਟਰ ਅਜਿਹਾ ਨਹੀਂ ਕਰ ਸਕਦਾ ਕਿਉਂਕਿ ਉਸਨੂੰ ਇਹ ਦੱਸਣਾ ਪੈਂਦਾ ਹੈ ਕਿ ਕੀ ਲੱਭਣਾ ਹੈ। ਆਖਰਕਾਰ, ਮਨੁੱਖ ਇਹ ਫੈਸਲਾ ਕਰਦੇ ਹਨ ਕਿ ਅਲ ਕਿਸ ਲਈ ਵਰਤਿਆ ਜਾਣਾ ਚਾਹੀਦਾ ਹੈ, ਨਾ ਕਿ ਦੂਜੇ ਤਰੀਕੇ ਨਾਲ। ਆਓ ਇਸ ਨੂੰ ਸਮਝਦਾਰੀ ਨਾਲ ਕਰੀਏ।

# ਐਨੀਮਲ ਫਿਲਮ ਵਿਚਲੇ ਗੀਤ ਦਾ ਨਾਇਕ ਅਰਜਨ ਵੈਲੀ ਦੀ ਅੱਜ ਚਰਚਾ



ਅੱਜਕਲ੍ਹ ਬਾਲੀਵੁਡ ਫ਼ਿਲਮ ਦਾ ਇੱਕ ਗੀਤ ਅਰਜਨ ਵੈਲੀ ਬਹੁਤ ਚਰਚਾ ਵਿੱਚ ਏ। ਪੂਰੇ ਭਾਰਤ ਵਿੱਚ ਭੁਪਿੰਦਰ ਬੱਬਲ ਦੇ ਗਾਏ ਇਸ ਠੇਠ ਪੰਜਾਬੀ ਗੀਤ ਦੀਆਂ ਪੂਰੀਆਂ ਧੁੰਮਾਂ ਪਈਆਂ ਹੋਈਆਂ ਨੇ । ਇਸ ਤੋਂ ਪਹਿਲਾਂ ਅਰਜਨ ਵੈਲੀ ਦਾ ਜ਼ਿਕਰ 1983 ਚ ਬਣੀ ਪੁਰਾਣੀ ਪੰਜਾਬੀ ਫ਼ਿਲਮ ਪੁੱਤ ਜੱਟਾਂ ਦੇ ਗੀਤ ਵਿੱਚ ਸੁਣਨ ਨੂੰ ਮਿਲਿਆ ਸੀ।

ਆਖਿਰ ਇਹ ਅਰਜਨ ਵੈਲੀ ਹੈ ਕੌਣ ਸੀ ?

ਅੱਜ ਇਸੇ ਬਾਰੇ ਜਾਣਕਾਰੀ ਲੈਂਦੇ ਹਾਂ ।

ਅਰਜਨ ਸਿੰਘ ਦਾ ਜਨਮ ਅੰਦਾਜ਼ਨ 1876 ਦੇ ਨੇੜੇ ਤੇੜੇ ਲੁਧਿਆਣਾ ਜਿਲ੍ਹੇ ਵਿੱਚ ਪਿੰਡ ਰੁੜਕਾ (ਨੇੜੇ ਡੇਹਲੋਂ)ਵਿੱਚ ਹੋਇਆ। ਅਰਜਨ ਸਵਾ ਛੇ ਫੁੱਟ ਦਾ ਜਵਾਨ ਗੱਭਰੂ ਸੀ ਤੇ ਕਿਸੇ ਦੀ ਧੌਂਸ ਨਹੀਂ ਮੰਨਦਾ , ਹੱਥ ਵਿੱਚ ਲੰਬੀ ਡਾਂਗ ਜਾਂ ਗੰਡਾਸਾ ਰੱਖਣ ਦਾ ਸ਼ੌਕੀਨ ਸੀ । ਜਾਇਦਾਦ ਖੁੱਲੀ ਸੀ ਤੇ ਗਰੀਬ ਬੰਦੇ ਦੀ ਮਦਦ ਕਰਨ ਵਾਲਾ ਸੀ ,

ਇੱਕ ਗਰੀਬ ਨਾਲ ਹੋ ਰਹੇ ਧੱਕੇ ਨੂੰ ਰੋਕਦਿਆਂ ਉਸ ਨੇ ਕਿਸੇ ਥਾਣੇਦਾਰ ਦੀ ਬਾਂਹ ਤੋੜ ਦਿੱਤੀ ਸੀ।

ਇਸ ਸੁਭਾਅ ਕਰਕੇ ਉਸ ਨੂੰ ਲੋਕ ਵੈਲੀ ਕਹਿਣ ਲੱਗ ਗਏ ਤੇ ਉਹ ਅਰਜਨ ਤੋਂ ਅਰਜਨ ਵੈਲੀ ਬਣ ਗਿਆ ਪਰ ਉਸ ਕਦੀ ਕਮਜ਼ੋਰ ਬੰਦੇ ਨਾਲ ਧੱਕਾ ਨਹੀਂ ਸੀ ਕੀਤਾ ।

1947 ਦੀ ਵੰਡ ਵੇਲੇ ਹੋਈ ਵੱਢ ਟੁੱਕ ਵਿੱਚ ਅਰਜਨ ਵੈਲੀ ਨੇ ਕਈ ਮੁਸਲਮਾਨ ਪਰਿਵਾਰਾਂ ਦੀ ਮਦਦ ਕੀਤੀ ਤੇ ਉਨ੍ਹਾਂ ਨੂੰ ਸੁਰੱਖਿਆ ਦੇ ਕੇ ਮਲੇਰਕੋਟਲਾ ਰਿਆਸਤ ਵਿੱਚ ਛੱਡ ਕੇ ਆਇਆ

ਇਨ੍ਹਾਂ ਵਿਚੋਂ ਇੱਕ ਉਹਨਾਂ ਦਾ ਮੁਸਲਮਾਨ ਦੋਸਤ ਰੱਲਾ ਤੇਲੀ ਵੀ ਸੀ ਜਿਸ ਨੂੰ ਪੂਰੀ ਸੁਰੱਖਿਆ ਨਾਲ ਉਸ ਮਲੇਰਕੋਟਲਾ ਪਹੁੰਚਾਇਆ ਤੇ ਉਸ ਦਾ ਸੋਨਾ ਚਾਂਦੀ ਆਪਣੇ ਕੋਲ ਅਮਾਨਤ ਵਜੋਂ ਹਿਫ਼ਾਜਤ ਨਾਲ ਰੱਖ ਲਿਆ ਜਿਸ ਨੂੰ ਬਾਅਦ ਵਿੱਚ ਉਸ ਦਾ ਮੁੰਡਾ ਸਰਦਾਰ ਖਾਨ ਆ ਕੇ ਲੈ ਗਿਆ ।

ਅਰਜਨ ਵੈਲੀ ਬਾਅਦ ਵਿਚ ਅੰਮ੍ਰਿਤਧਾਰੀ ਹੋ ਗਿਆ ਤੇ ਪੰਜਾਬੀ ਸੂਬਾ ਮੋਰਚੇ ਵੇਲੇ ਫਿਰੋਜ਼ਪੁਰ ਜੇਲ ਵਿੱਚ ਕੈਦ ਵੀ ਕੱਟੀ।

ਪੰਜਾਬ ਸਰਕਾਰ ਨੇ ਉਸ ਦੀਆਂ ਸੇਵਾਵਾਂ ਲਈ ਸਨਮਾਨ ਪੱਤਰ ਦੇ ਕੇ ਸਨਮਾਨਿਤ ਕੀਤਾ । ਲੋਕ ਭਲਾਈ ਲਈ ਪਿੰਡ ਵਿੱਚ ਅਗੇ ਵੱਧ ਕੇ ਕੱਮ ਕੀਤੇ ਤੇ ਉਹ ਸ਼ਬਦ ਗਾਇਨ ਕਰਦਿਆਂ ਹੋਈ ਛੋਟੇ ਬੱਚਿਆਂ ਨੂੰ ਰਿਓੜੀਆਂ ਵੰਡਦਾ ਹੁੰਦਾ ਸੀ। ਉਸ ਦੇ ਇਸ ਸੁਭਾਅ ਕਰਕੇ ਲੋਕ ਹੁਣ ਅਰਜਨ ਵੈਲੀ ਤੋਂ ਅਰਜਨ ਸਿੰਘ ਬਾਬਾ ਕਹਿਣ ਲੱਗ ਗਏ ਸਨ। ਉਨ੍ਹਾ ਆਖਰੀ ਸਾਹ ਰਾਜਿੰਦਰਾ ਹਸਪਤਾਲ ਪਟਿਆਲਾ ਵਿਖੇ 1968 ਵਿੱਚ ਲਾਏ ਜਦ ਉਹ ਗਦੂਦਾਂ ਦੇ ਆਪਰੇਸ਼ਨ ਤੋਂ ਬਾਅਦ ਡਾਕਟਰਾਂ ਦੇ ਮਨ੍ਹਾ ਕਰਨ ਤੋਂ ਬਾਵਜੂਦ ਬਾਹਰ ਨਿਕਲ ਗਏ ਜਿਥੇ ਅਵਾਰਾ ਪਸ਼ੂਆਂ ਦੇ ਭੇੜ ਚ ਫੇਟ ਵੱਜਣ ਕਰਕੇ ਉਨ੍ਹਾਂ ਦੇ ਟਾਂਕੇ ਖੁਲ੍ਹ ਗਏ ਤੇ ਖੂਨ ਰਿਸਣ ਨਾਲ ਉਹ ਅਕਾਲ ਚਲਾਣਾ ਕਰ ਗਏ ।

ਹੁਣ ਗੱਲ ਕਰਦੇ ਹਾਂ ਉਹਨਾਂ ਦੀ ਜਗਤ ਪ੍ਰਸਿੱਧ ਲੜਾਈ ਦੀ,ਜਿਸ ਦਾ ਜ਼ਿਕਰ ਜਗਜੀਤ ਚੂਹੜਚੱਕ ਨਿਰਦੇਸ਼ਤਿ ਫਿਲਮ "ਪੁੱਤ ਜੱਟਾਂ ਦੇ "ਦੇ ਗੀਤ ਵਿਚ ਪਹਿਲੀ ਵਾਰ ਹੋਇਆ। ਉਸ ਗੀਤ ਨੂੰ ਸੁਰਿੰਦਰ ਸ਼ਿੰਦਾ ਨੇ ਗਾਇਆ ਸੀ।

ਅੱਜ ਐਨੀਮਲ ਫਿਲਮ ਵਿੱਚ ਵੀ ਅਰਜਨ ਵੈਲੀ ਦੇ ਹਵਾਲੇ ਵਾਲਾ ਗੀਤ ਏ ।

ਉਹ ਲੜਾਈ ਜਗਰਾਵਾਂ ਦੀ ਰੋਸ਼ਨੀ ਵਾਲੇ ਮੇਲੇ ਉਤੇ ਮਿਥ ਕੇ ਹੋਈ ਸੀ ਜਿਸ ਵਿੱਚ ਅਰਜਨ ਵੈਲੀ ਨੇ ਆਪਣੇ ਦੋ ਦੋਸਤਾਂ ਮੋਦਨ ਕੌਂਕਿਆਂ ਦਾ ਤੇ ਮੁਨਸ਼ੀ ਡਾਂਗੋ ਵਾਲੇ ਨਾਲ ਰਲ਼ ਪੂਰੇ ਪੰਡੋਰੀ ਪਿੰਡ ਦੇ ਵੈਲੀਆਂ ਨੂੰ ਤਿੰਨੇ ਜਣਿਆ ਨੇ ਕੁੱਟ ਦਿੱਤਾ ਸੀ।

ਲੜਾਈ ਮਿਥ ਕੇ ਹੋਈ ਸੀ ਇਸ ਕਰਕੇ ਮੇਲੇ ਵਿਚ ਆਏ ਲੋਕ ਪਹਿਲਾਂ ਇਸ ਲੜਾਈ ਲਈ ਤਿਆਰ ਸੀ ਤੇ ਚਰਚਾ ਵਿੱਚ ਇਸੇ ਕਰਕੇ ਜਿਆਦਾ ਹੋਈ ਕਿ ਤਿਨ ਬੰਦਿਆਂ ਨੇ ਪੂਰੀ ਪੰਡੋਰੀ ਅੱਗੇ ਲਾ ਲਈ ।

ਇਹ ਸੀ ਅਰਜਨ ਵੈਲੀ ਦੀ ਦਾਸਤਾਨ । ਉਹਨਾਂ ਦੇ ਵਾਰਿਸ ਅੱਜਕਲ ਰੁੜਕਾ ਪਿੰਡ ਅਤੇ ਕੈਨੇਡਾ ਵਿੱਚ ਵੱਸਦੇ ਨੇ।

ਇਹ ਸਪਸ਼ਟ ਨਹੀਂ ਕਿ ਰੁੜਕਾ ਕਿਹਾ ਹੈ। ਡੇਹਲੋਂ ਨੇੜਲਾ ਜਾਂ ਮੁੱਲਾਂਪੁਰ ਲਾਗਲਾ। ਜੇ ਕਿਸੇ ਕੋਲ਼ ਇਸ ਤੋਂ ਵੱਧ ਜਾਂ ਵੱਖਰੀ ਜਾਣਕਾਰੀ ਹੋਵੇ ਤਾਂ ਜਾਣਕਾਰੀ ਸ਼ੇਅਰ ਕਰ ਸਕਦਾ ਹੈ।



